SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 61 | Tuesday, 29 April 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online* ਰੋਜ਼ਾਨਾ ਪੜ੍ਹ ਸਕਦੇ ਹੋ

## ਵੈਨਕੂਵਰ ਫਿਲੀਪੀਨੋ ਫੈਸਟੀਵਲ 'ਚ ਲੋਕਾਂ 'ਤੇ ਕਾਰ ਚੜ੍ਹਾਉਣ ਵਾਲੇ 'ਤੇ ਲੱਗੇ ਕਤਲ ਦਾ ਦੋਸ਼



ਵੈਨਕੂਵਰ, 28 ਅਪ੍ਰੈਲ (ਪੋਸਟ ਬਿਊਰੋ) : ਸ਼ਨੀਵਾਰ ਨੂੰ ਇੱਕ ਫਿਲੀਪੀਨੋ ਕਮਿਊਨਿਟੀ ਸਟ੍ਰੀਟ ਫੈਸਟੀਵਲ ਵਿੱਚ ਜਸ਼ਨ ਮਨਾ ਰਹੀ ਭੀੜ 'ਤੇ ਇੱਕ ਐੱਸਯੂਵੀ ਚੜ੍ਹਾਉਣ ਵਾਲੇ ਵਿਰੁੱਧ ਕਤਲ ਦੇ ਦੋਸ਼ ਲਾਏ ਗਏ ਹਨ। ਇਸ ਦੌਰਾਨ 11 ਲੋਕ ਮਾਰੇ ਗਏ ਸਨ, ਜਿਨ੍ਹਾਂ ਵਿੱਚ ਇਕ ਪੰਜ ਸਾਲ ਦਾ ਬੱਚਾ ਵੀ ਸ਼ਾਮਲ ਸੀ। ਸ਼ੱਕੀ, 30 ਸਾਲਾ ਵੈਨਕੂਵਰ ਨਿਵਾਸੀ ਕਾਈ-ਜੀ ਐਡਮ ਲੋ, 'ਤੇ ਦੂਜੇ ਦਰਜੇ ਦੇ ਕਤਲ ਦੇ ਅੱਠ ਦੋਸ਼ ਲਾਏ ਗਏ ਹਨ। ਐਡਮ 'ਤੇ ਐਤਵਾਰ ਸਵੇਰੇ ਦੋਸ਼ ਲਾਏ ਗਏ ਸਨ ਤੇ ਹੁਣ ਉਹ ਹਿਰਾਸਤ ਵਿੱਚ ਹੈ। ਵੈਨਕੂਵਰ ਪੁਲਿਸ ਵਿਭਾਗ ਨੇ ਘਟਨਾ ਨੂੰ ਸ਼ਹਿਰ ਦਾ ਸਭ ਤੋਂ ਕਾਲਾ ਦਿਨ ਕਿਹਾ ਹੈ।

ਪ੍ਰੈੱਸ ਕਾਨਫਰੰਸ ਵਿਚ ਅੰਤਰਿਮ ਚੀਫ ਕਾਂਸਟੇਬਲ ਸਟੀਵ ਰਾਏ ਨੇ ਕਿਹਾ ਕਿ ਇਹ ਸੰਭਵ ਹੈ ਕਿ ਮੌਤਾਂ ਦੀ ਗਿਣਤੀ ਹੋਰ ਵਧ ਸਕਦੀ ਹੈ। ਇਸ ਤੋਂ ਇਲਾਵਾ ਕਈ ਦਰਜਨਾਂ ਲੋਕਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ, ਜੋ ਕਿ ਹਸਪਤਾਲ ਵਿੱਚ ਜੇਰੇ ਇਲਾਜ ਹਨ। ਰਾਏ ਨੇ ਕਿਹਾ ਕਿ ਪੁਲਿਸ ਅਜੇ ਵੀ ਇਸ ਦੇ ਮਿਲਜ਼ਮ ਦੇ ਉਦੇਸ਼ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਇਹ ਅੱਤਵਾਦ ਦੀ ਕਾਰਵਾਈ ਨਹੀਂ ਸੀ।

ਜ਼ਿਕਰਯੋਗ ਹੈ ਕਿ ਲਾਪੂ-ਲਾਪੂ ਦਿਵਸ ਮਨਾਉਣ ਲਈ ਦੱਖਣੀ ਵੈਨਕੂਵਰ ਦੀਆਂ ਸੜਕਾਂ 'ਤੇ ਹਜ਼ਾਰਾਂ ਲੋਕ ਇਕੱਠੇ ਹੋਏ ਸਨ।

# ਕੈਨੇਡਾ ਚੋਣਾਂ ਵਿਚ ਲਿਬਰਲਜ਼ ਪਾਰਟੀ ਜਿੱਤੀ, ਪਰ ਬਹੁਮਤ ਪ੍ਰਾਪਤ ਕਰਨਾ ਮੁਸ਼ਕਿਲ

## ਜਗਮੀਤ ਸਿੰਘ ਆਪਣੀ ਸੀਟ ਹਾਰੇ, ਦਿੱਤਾ ਅਸਤੀਫਾ

ਓਟਵਾ, 28 ਅਪ੍ਰੈਲ (ਪੋਸਟ ਬਿਊਰੋ): ਲਿਬਰਲ ਪਾਰਟੀ ਦੇ ਮਾਰਕ ਕਾਰਨੀ ਕੈਨੇਡਾ ਵਿੱਚ ਪ੍ਰਧਾਨ ਮੰਤਰੀ ਬਣੇ ਰਹਿਣਗੇ। ਪਾਰਟੀ ਨੇ ਸੋਮਵਾਰ ਨੂੰ ਕੈਨੇਡਾ ਵਿੱਚ ਹੋਈਆਂ ਆਮ ਚੋਣਾਂ ਜਿੱਤ ਲਈਆਂ ਹਨ, ਪਰ ਪਾਰਟੀ ਲਈ ਬਹੁਮਤ ਪ੍ਰਾਪਤ ਕਰਨ ਮੁਸ਼ਕਿਲ ਲੱਗ ਰਿਹਾ ਹੈ।

ਨਿਊ ਡੈਮੋਕ੍ਰੇਟਿਕ ਪਾਰਟੀ (ਐੱਨਡੀਪੀ) ਦੇ ਮੁਖੀ ਜਗਮੀਤ ਸਿੰਘ ਆਪਣੀ ਸੀਟ ਨਹੀਂ ਬਚਾ ਸਕੇ। ਉਹ ਬ੍ਰਿਟਿਸ਼ ਕੋਲੰਬੀਆ ਦੀ ਬਰਨਬੀ ਸੈਂਟਰਲ ਸੀਟ 'ਤੇ ਲਿਬਰਲ ਉਮੀਦਵਾਰ ਵੇਡ ਚਾਂਗ ਤੋਂ ਹਾਰ ਗਏ। ਸਿੰਘ ਨੂੰ ਲਗਭਗ 27% ਵੋਟਾਂ ਮਿਲੀਆਂ, ਜਦੋਂ ਕਿ ਚਾਂਗ ਨੂੰ 40% ਤੋਂ ਵੱਧ ਵੋਟਾਂ ਮਿਲੀਆਂ।

ਜਗਮੀਤ ਨੇ ਆਪਣੀ ਸੀਟ ਨਾ ਬਚਾ ਸਕਣ ਤੋਂ ਬਾਅਦ ਅਸਤੀਫਾ ਦੇ ਦਿੱਤਾ। ਉਨ੍ਹਾਂ ਦੀ ਪਾਰਟੀ ਨੂੰ ਵੀ ਵੋਟਾਂ ਵਿੱਚ ਭਾਰੀ ਗਿਰਾਵਟ ਦਾ ਸਾਹਮਣਾ ਕਰਨਾ ਪਿਆ। ਪਾਰਟੀ ਇੱਕ ਰਾਸ਼ਟਰੀ ਪਾਰਟੀ ਦਾ ਦਰਜਾ ਵੀ



ਗੁਆ ਸਕਦੀ ਹੈ, ਕਿਉਂਕਿ ਇੱਕ ਰਾਸ਼ਟਰੀ ਪਾਰਟੀ ਬਣੇ ਰਹਿਣ ਲਈ ਘੱਟੋ-ਘੱਟ 12 ਸੀਟਾਂ ਜਿੱਤਣਾ ਜ਼ਰੂਰੀ ਹੈ।

ਖ਼ਬਰ ਲਿਖੇ ਜਾਣ ਤੱਕ ਲਿਬਰਲਜ਼ ਨੇ 165, ਕੰਜ਼ਰਵੇਟਿਵ 147, ਬਲਾਕ ਕਿਊਬਕਵਾ 23, ਐੱਨਡੀਪੀ 7 ਤੇ ਗਰੀਨ ਪਾਰਟੀ ਨੇ 1 ਸੀਟ ਜਿੱਤੀਆਂ ਸਨ। ਕਿਸੇ ਵੀ ਪਾਰਟੀ ਨੂੰ ਸਪਸ਼ਟ ਬਹੁਮਤ ਨਾਲ ਸਰਕਾਰ ਬਣਾਉਣ ਲਈ 172 ਸੀਟਾਂ ਦੀ ਲੋੜ ਹੈ।

## ਸਕਾਰਬਰੋ 'ਚ ਅੱਗ ਨਾਲ ਫਾਇਰਫਾਈਟਰ ਜ਼ਖ਼ਮੀ, ਜਾਨੀ ਨੁਕਸਾਨ ਤੋਂ ਬਚਾਅ

ਸਕਾਰਬਰੋ, 28 ਅਪ੍ਰੈਲ (ਪੋਸਟ ਬਿਊਰੋ): ਉੱਤਰ-ਪੂਰਬੀ ਸਕਾਰਬਰੋ ਵਿੱਚ ਦੁਪਹਿਰ 12 ਵਜੇ ਦੇ ਕਰੀਬ ਚਾਰ-ਅਲਾਰਮ ਵਾਲੀ ਅੱਗ ਲੱਗ ਗਈ। ਜਿਸ ਵਿਚ ਫਾਇਰਫਾਈਟਰ ਵੀ ਜ਼ਖਮੀ ਹੋ ਗਿਆ। ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਗਈ ਇੱਕ ਪੋਸਟ ਵਿੱਚ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਪਲੱਗ ਹੈਟ ਰੋਡ ਅਤੇ ਬੀਅਰ ਰੋਡ ਦੇ ਖੇਤਰ ਵਿੱਚ ਅੱਗ ਲੱਗਣ ਦੀਆਂ ਰਿਪੋਰਟਾਂ ਮਿਲੀਆਂ। ਅਮਲੇ ਨੇ ਇਹ ਨਹੀਂ ਦੱਸਿਆ ਕਿ ਅੱਗ



ਲੱਗਣ ਦਾ ਕਾਰਨ ਕੀ ਸੀ, ਪਰ ਐਤਵਾਰ ਦੁਪਹਿਰ ਨੂੰ ਇੱਕ ਅਪਡੇਟ ਵਿੱਚ, ਉਨ੍ਹਾਂ ਨੇ ਕਿਹਾ ਕਿ ਇਹ ਮੁੱਖ ਤੌਰ 'ਤੇ ਖੇਤਾਂ ਦੀ ਜ਼ਮੀਨ ਸੀ, ਜੋ ਸੜ ਰਹੀ ਸੀ।

ਟੋਰਾਂਟੋ ਫਾਇਰ ਸਰਵਿਸਿਜ਼ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਪਿਕਰਿੰਗ ਅਤੇ ਓਸ਼ਾਵਾ ਦੇ ਅਮਲੇ ਤੋਂ ਸਹਾਇਤਾ ਮਿਲੀ, ਜਿਨ੍ਹਾਂ ਨੇ ਸਹਾਇਤਾ ਟੈਂਕਰ ਪ੍ਰਦਾਨ ਕੀਤੇ। ਫਾਇਰ ਕਰਮਚਾਰੀਆਂ ਅਨੁਸਾਰ, ਦੂਰ-ਦੁਰਾਡੇ ਖੇਤਰ ਵਿੱਚ ਪਾਣੀ ਦੀ ਸਪਲਾਈ ਇੱਕ ਚੁਣੌਤੀ ਸੀ ਕਿਉਂਕਿ ਇੱਥੇ ਹਾਈਡ੍ਰੈਂਟਸ ਦੀ ਘਾਟ ਸੀ। ਪੁਲਿਸ ਦਾ ਕਹਿਣਾ ਹੈ ਕਿ ਰਾਤ ਲਗਭਗ 9:30 ਵਜੇ ਖੇਤਰ ਦੀਆਂ ਸੜਕਾਂ ਦੁਬਾਰਾ ਖੁੱਲ੍ਹ ਗਈਆਂ ਹਨ।

## ਓਵਨ ਸਾਊਂਡ ਪੁਲਿਸ ਨੇ ਕਰੀਬ 1 ਲੱਖ ਡਾਲਰ ਕੀਮਤ ਦੇ ਨਸ਼ੀਲੇ ਪਦਾਰਥ ਕੀਤੇ ਜ਼ਬਤ, ਛੇ 'ਤੇ ਲੱਗੇ ਚਾਰਜਿਜ਼

ਓਵਨ ਸਾਊਂਡ, 28 ਅਪ੍ਰੈਲ (ਪੋਸਟ ਬਿਊਰੋ): ਓਵਨ ਸਾਊਂਡ ਅਤੇ ਆਲੇ-ਦੁਆਲੇ ਦੇ ਖੇਤਰ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀਆਂ ਗਤੀਵਿਧੀਆਂ ਦੀ ਫਰਵਰੀ ਵਿੱਚ ਸ਼ੁਰੂ ਹੋਈ ਜਾਂਚ ਦੇ ਨਤੀਜੇ ਵਜੋਂ ਤਿੰਨ ਸਰਚ ਵਾਰੰਟ ਜਾਰੀ ਕੀਤੇ ਗਏ ਅਤੇ ਲਗਭਗ 1 ਲੱਖ ਡਾਲਰ ਦੇ ਨਸ਼ੀਲੇ ਪਦਾਰਥ ਜ਼ਬਤ ਕੀਤੇ ਗਏ। ਓਵਨ ਸਾਊਂਡ ਪੁਲਿਸ ਦਾ ਕਹਿਣਾ ਹੈ ਕਿ 24 ਅਪ੍ਰੈਲ ਨੂੰ ਤਿੰਨ ਥਾਵਾਂ ਦੀ ਤਲਾਸ਼ੀ ਦੌਰਾਨ 469 ਗ੍ਰਾਮ ਕੋਕੀਨ, 43 ਗ੍ਰਾਮ ਕਰੈਕ ਕੋਕੀਨ, 85 ਗ੍ਰਾਮ ਫੈਂਟਾਨਿਲ, 331



ਆਕਸੀਕੋਡੋਨ ਗੋਲੀਆਂ ਅਤੇ 13 ਗ੍ਰਾਮ ਐੱਮਡੀਐੱਮਏ ਜ਼ਬਤ ਕੀਤੇ ਗਏ। ਪੁਲਿਸ ਨੇ 13 ਹਜ਼ਾਰ 500 ਡਾਲਰ ਨਕਦ ਅਤੇ ਪੈਕਿੰਗ ਉਪਕਰਣ, ਇੱਕ ਕਰੰਸੀ ਕਾਊਂਟਰ, ਸਕੇਲ ਅਤੇ ਇੱਕ ਲੋਡ ਕੀਤੀ 9 ਐੱਮਐੱਮ ਹੈਂਡਗਨ ਸਮੇਤ ਹੋਰ ਸੰਪਤੀਆਂ ਵੀ ਜ਼ਬਤ ਕੀਤੀਆਂ।

ਹੈਮਿਲਟਨ ਦਾ ਇੱਕ 20 ਸਾਲਾ ਵਿਅਕਤੀ ਅਪਰਾਧ ਦੁਆਰਾ ਪ੍ਰਾਪਤ ਕੀਤੀ ਜਾਇਦਾਦ 'ਤੇ ਕਬਜ਼ਾ ਅਤੇ ਇੱਕ ਅਣਅਧਿਕਾਰਤ ਹਥਿਆਰ ਸਮੇਤ ਕਈ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਹੈ। ਇਸ ਤੋਂ ਇਲਾਵਾ, ਓਵਨ ਸਾਊਂਡ ਦੀ ਇੱਕ 45 ਸਾਲਾ ਔਰਤ, ਇੱਕ 46 ਸਾਲਾ ਵਿਅਕਤੀ, 64 ਸਾਲਾ ਵਿਅਕਤੀ, 59 ਸਾਲਾ ਔਰਤ ਅਤੇ ਓਵਨ ਸਾਊਂਡ ਦੀ ਹੀ ਇੱਕ 49 ਸਾਲਾ ਔਰਤ 'ਤੇ ਦੋਸ਼ ਲਾਏ ਗਏ ਸਨ।

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598



# ਪੁਲਿਸ ਵੱਲੋਂ ਬੱਚੇ ਨੂੰ ਅਗਵਾ ਕਰਨ ਦੀ ਕੋਸ਼ਿਸ਼ ਦੇ ਸ਼ੱਕੀਆਂ ਵਿਚੋਂ ਇੱਕ ਦਾ ਸਕੈੱਚ ਜਾਰੀ



ਨਿਊ ਬਰੰਜ਼ਵਿਕ, 28 ਅਪ੍ਰੈਲ (ਪੋਸਟ ਬਿਊਰੋ) : ਨਿਊ ਬਰੰਜ਼ਵਿਕ ਵਿੱਚ ਆਰਸੀਐੱਮਪੀ ਨੇ ਅਗਵਾਹ ਕਰਨ ਦੀ ਕੋਸ਼ਿਸ਼ ਦੇ ਮਾਮਲੇ ਵਿਚ ਦੋ ਲੋਕਾਂ ਦੀ ਪਛਾਣ ਕਰਨ ਲਈ ਲੋਕਾਂ ਨੂੰ ਮਦਦ ਦੀ ਅਪੀਲ ਕੀਤੀ ਹੈ। ਸ਼ਨੀਵਾਰ ਨੂੰ ਪੁਲਿਸ ਨੇ ਇੱਕ ਸ਼ੱਕੀ ਵਿਅਕਤੀ ਦਾ ਸਕੈੱਚ ਜਾਰੀ ਕੀਤਾ। ਇਹ ਘਟਨਾ 21 ਅਪ੍ਰੈਲ ਨੂੰ ਹੈਂਡਰਸਨ ਸੈਟਲਮੈਂਟ ਖੇਤਰ ਵਿੱਚ ਰੂਟ 710 'ਤੇ ਵਾਪਰੀ ਸੀ। ਪੁਲਿਸ ਨੇ ਕਿਹਾ ਕਿ ਉਸ ਦਿਨ ਸ਼ਾਮ 5:15 ਵਜੇ ਦੇ ਕਰੀਬ ਦੋ ਲੋਕ ਇੱਕ ਬੱਚੇ ਕੋਲ ਪਹੁੰਚੇ, ਜੋ ਸਾਈਕਲ ਚਲਾ ਰਿਹਾ ਸੀ, ਉਸਨੂੰ ਕੈਂਡੀ ਦੇ ਕੇ ਆਪਣੀ ਗੱਡੀ ਵਿੱਚ ਲੁਭਾਉਣ ਦੀ ਕੋਸ਼ਸ਼ਿ ਕੀਤੀ। ਫਿਰ ਬੱਚਾ ਗੁਆਂਢ 'ਚ ਘਰ ਵੱਲ ਭੱਜ ਗਿਆ।

ਆਰਸੀਐੱਮਪੀ ਨੇ ਕਿਹਾ ਕਿ ਦੋਵੇਂ ਵਿਅਕਤੀ ਇੱਕ ਕਾਲੇ ਚਾਰ-ਦਰਵਾਜ਼ੇ ਵਾਲੀ ਸੁਬਾਰੂ ਕਾਰ, ਜਿਸ ਦੀਆਂ ਰੰਗੀਨ ਖਿੜਕੀਆਂ, ਇੱਕ ਸਨਰੂਫ ਅਤੇ ਸਾਹਮਣੇ ਵਾਲੇ ਯਾਤਰੀ ਬੰਪਰ ਦੇ ਜੰਗਾਲ ਦੇ ਨਿਸ਼ਾਨ ਸਨ, 'ਚ ਸਵਾਰ ਹੋ ਕੇ ਚਲੇ ਗਏ। ਪੁਲਿਸ ਡਰਾਈਵਰ ਬਾਰੇ ਦੱਸਿਆ ਕਿ ਉਹ ਹਲਕੇ ਰੰਗ ਦੀ ਔਰਤ ਹੈ, ਜਿਸ ਦੇ ਮੋਢਿਆਂ ਤੱਕ ਘੁੰਗਰਾਲੇ ਵਾਲ ਹਨ। ਜਦਕਿ ਉਸ ਦੇ ਨਾਲ ਵਿਅਕਤੀ ਉਮਰ ਕਰੀਬ 25 ਸਾਲ, ਮਾਸਪੇਸ਼ੀਆਂ ਵਾਲਾ ਤਕੜਾ ਸਰੀਰ, ਬਿਨਾਂ ਮੁੱਛਾਂ ਅਤੇ ਘੁੰਗਰਾਲੇ ਵਾਲਾਂ ਵਾਲਾ ਸੀ। ਪੁਲਿਸ ਨੇ ਕਿਹਾ ਕਿ ਘਟਨਾ ਦੇ ਸਮੇਂ, ਉਸ ਨੇ ਨੀਲੇ ਰੰਗ ਦੀ ਐਨਕ ਅਤੇ ਪੀਲੇ ਤੇ ਹਰੇ ਰੰਗ ਦੀ ਟੀ-ਸ਼ਰਟ ਪਾਈ ਹੋਈ ਸੀ। ਪੁਲਿਸ ਕਿਸੇ ਵੀ ਜਾਣਕਾਰੀ ਰੱਖਣ ਵਾਲੇ ਨੂੰ ਸਸੇਕਸ ਆਰਸੀਐਮਪੀ ਨਾਲ 506-433-7700 'ਤੇ ਸੰਪਰਕ ਕਰਨ ਦੀ ਅਪੀਲ ਕੀਤੀ ਹੈ।

# ਯਮਨ ਵਿੱਚ ਅਮਰੀਕੀ ਹਵਾਈ ਹਮਲੇ ਵਿੱਚ 68 ਮੌਤਾਂ, 47 ਜ਼ਖਮੀ

ਸਨਾ, 28 ਅਪ੍ਰੈਲ (ਪੋਸਟ ਬਿਊਰੋ): ਯਮਨ ਦੇ ਉੱਤਰੀ ਸਾਦਾ ਸੂਬੇ ਵਿੱਚ ਸੋਮਵਾਰ ਨੂੰ ਹੋਏ ਅਮਰੀਕੀ ਹਮਲੇ ਵਿੱਚ 68 ਲੋਕ ਮਾਰੇ ਗਏ। ਇਹ ਹਮਲਾ ਅਫਰੀਕੀ ਪ੍ਰਵਾਸੀਆਂ ਨੂੰ ਰੱਖਣ ਵਾਲੇ ਇੱਕ ਨਜ਼ਰਬੰਦੀ ਕੇਂਦਰ 'ਤੇ ਕੀਤਾ ਗਿਆ ਸੀ।

ਰਿਪੋਰਟਾਂ ਅਨੁਸਾਰ, ਇਸ ਜੇਲ੍ਹ ਵਿੱਚ 115 ਕੈਦੀ ਸਨ, ਜਿਨ੍ਹਾਂ ਵਿੱਚੋਂ 47 ਜ਼ਖਮੀ ਹੋਏ ਹਨ। ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਹੈ। ਇਨ੍ਹਾਂ ਵਿੱਚੋਂ ਜ਼ਿਆਦਾਤਰ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।

ਯਮਨ ਦੇ ਅਲ ਮਸੀਰਾ ਟੀਵੀ ਦੁਆਰਾ ਜਾਰੀ ਕੀਤੇ ਗਏ ਹਮਲੇ ਦੀ ਫੁਟੇਜ ਵਿੱਚ ਸਾਦਾ ਵਿੱਚ ਨਜ਼ਰਬੰਦੀ ਕੇਂਦਰ 'ਤੇ ਬੰਬ ਧਮਾਕੇ ਤੋਂ ਬਾਅਦ ਮਲਬੇ ਵਿੱਚ ਕਈ ਲਾਸ਼ਾਂ ਪਈਆਂ ਦਿਖਾਈ ਦਿੱਤੀਆਂ।



ਸਾਦਾ ਦੇ ਜਨਰਲ ਰਿਪਬਲਿਕਨ ਹਸਪਤਾਲ ਨੇ ਟੈਲੀਗ੍ਰਾਮ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਦਰਜਨਾਂ ਲੋਕਾਂ ਦੀ ਮੌਤ ਹੋ ਗਈ ਹੈ ਅਤੇ ਘੱਟੋ-ਘੱਟ 50 ਜ਼ਖਮੀਆਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ।

ਫਿਲਹਾਲ ਇਸ ਹਮਲੇ ਸਬੰਧੀ ਅਮਰੀਕੀ ਫੌਜ ਵੱਲੋਂ ਕੋਈ ਪ੍ਰਤੀਕਿਰਿਆ ਨਹੀਂ ਆਈ ਹੈ। ਹਾਲਾਂਕਿ, ਹਮਲੇ ਦੀ ਖ਼ਬਰ ਸਾਹਮਣੇ ਆਉਣ ਤੋਂ ਪਹਿਲਾਂ, ਯੂਐੱਸ ਸੈਂਟਰਲ ਕਮਾਂਡ (ਸੇਂਟਕਾਮ) ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਸੀ ਕਿ ਉਹ ਆਪਣੇ ਹਵਾਈ ਹਮਲੇ ਦੇ ਮਿਸ਼ਨ ਬਾਰੇ ਕੋਈ ਜਾਣਕਾਰੀ ਸਾਂਝੀ ਨਹੀਂ ਕਰਨਗੇ।

ਸੇਂਟਕਾਮ ਨੇ ਕਿਹਾ ਕਿ ਸੰਚਾਲਨ ਸੁਰੱਖਿਆ ਬਣਾਈ ਰੱਖਣ ਲਈ, ਅਸੀਂ ਜਾਣਬੁੱਝ ਕੇ ਆਪਣੇ ਮੌਜੂਦਾ ਜਾਂ ਭਵਿੱਖ ਦੇ ਕਾਰਜਾਂ ਦੇ ਵੇਰਵਿਆਂ ਬਾਰੇ ਘੱਟ ਤੋਂ ਘੱਟ ਜਾਣਕਾਰੀ ਸਾਂਝੀ ਕੀਤੀ ਹੈ। ਅਸੀਂ ਆਪਣੀ ਮੁਹਿੰਮ ਬਾਰੇ ਬਹੁਤ ਸਾਵਧਾਨ ਹਾਂ, ਪਰ ਅਸੀਂ ਇਹ ਨਹੀਂ ਦੱਸਾਂਗੇ ਕਿ ਅਸੀਂ ਕੀ ਕੀਤਾ ਹੈ ਜਾਂ ਕੀ ਕਰਨ ਜਾ ਰਹੇ ਹਾਂ।

### ਭਾਰਤ ਅਤੇ ਫਰਾਂਸ ਵਿਚਕਾਰ ਰਾਫੇਲ ਸੌਦੇ 'ਤੇ ਦਸਤਖਤ

# 26 ਰਾਫੇਲ ਮਰੀਨ 63 ਹਜ਼ਾਰ ਕਰੋੜ ਰੁਪਏ ਵਿੱਚ ਉਪਲਬਧ ਹੋਣਗੇ



ਨਵੀਂ ਦਿੱਲੀ, 28 ਅਪ੍ਰੈਲ (ਪੋਸਟ ਬਿਊਰੋ): 26 ਰਾਫੇਲ ਸਮੁੰਦਰੀ ਜਹਾਜ਼ਾਂ ਦੇ ਸੌਦੇ 'ਤੇ ਸੋਮਵਾਰ ਨੂੰ ਨਵੀਂ ਦਿੱਲੀ ਵਿੱਚ ਭਾਰਤ ਅਤੇ ਫਰਾਂਸ ਵਿਚਕਾਰ ਦਸਤਖਤ ਕੀਤੇ ਗਏ। ਭਾਰਤ ਵੱਲੋਂ ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨੇ ਇਸ ਸਮਝੌਤੇ 'ਤੇ ਦਸਤਖਤ ਕੀਤੇ। ਇਸ ਸੌਦੇ ਤਹਿਤ, ਭਾਰਤ ਫਰਾਂਸ ਤੋਂ 22 ਸਿੰਗਲ ਸੀਟਰ ਜਹਾਜ਼ ਅਤੇ 4 ਡਬਲ ਸੀਟਰ ਜਹਾਜ਼ ਖਰੀਦੇਗਾ।

ਇਹ ਜਹਾਜ਼ ਪਰਮਾਣੂ ਬੰਬ ਦਾਗਣ ਦੀ ਸਮਰੱਥਾ ਨਾਲ ਲੈਸ ਹੋਣਗੇ। ਰਿਪੋਰਟਾਂ ਅਨੁਸਾਰ, ਫਰਾਂਸ ਨਾਲ ਇਹ ਸੌਦਾ ਲਗਭਗ 63,000 ਕਰੋੜ ਰੁਪਏ ਵਿੱਚ ਕੀਤਾ ਜਾ ਰਿਹਾ ਹੈ। ਹਥਿਆਰਾਂ ਦੀ ਖਰੀਦ ਦੇ ਮਾਮਲੇ ਵਿੱਚ ਇਹ ਭਾਰਤ ਦਾ ਫਰਾਂਸ ਨਾਲ ਹੁਣ ਤੱਕ ਦਾ ਸਭ ਤੋਂ ਵੱਡਾ ਸੌਦਾ ਹੈ।

23 ਅਪ੍ਰੈਲ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਕਮੇਟੀ ਆਨ ਸਕਿਓਰਿਟੀ (ਸੀਸੀਐੱਸ) ਦੀ ਮੀਟਿੰਗ ਵਿੱਚ ਜਹਾਜ਼ ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਗਈ ਸੀ। ਇਹ ਮੀਟਿੰਗ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਬੁਲਾਈ ਗਈ ਸੀ।

ਰਿਪੋਰਟਾਂ ਅਨੁਸਾਰ, ਇਨ੍ਹਾਂ ਜਹਾਜ਼ਾਂ ਦੀ ਡਿਲੀਵਰੀ 2028-29 ਵਿੱਚ ਸ਼ੁਰੂ ਹੋਵੇਗੀ ਅਤੇ ਸਾਰੇ ਜਹਾਜ਼ 2031-32 ਤੱਕ ਭਾਰਤ ਪਹੁੰਚ ਜਾਣਗੇ।

# ਫਰਾਂਸ-ਸਪੇਨ-ਪੁਰਤਗਾਲ ਵਿੱਚ ਬਿਜਲੀ ਬੰਦ, ਲੱਖਾਂ ਲੋਕ ਪ੍ਰਭਾਵਿਤ

### ਹਵਾਈ ਅੱਡਾ-ਮੈਟਰੋ ਬੰਦ, ਮੋਬਾਈਲ ਨੈੱਟਵਰਕ ਬੰਦ

ਮੈਡ੍ਰਿਡ/ਲਿਜ਼ਬਨ/ਪੈਰਿਸ, 28 ਅਪ੍ਰੈਲ (ਪੋਸਟ ਬਿਊਰੋ): ਯੂਰਪੀ ਦੇਸ਼ਾਂ ਸਪੇਨ, ਪੁਰਤਗਾਲ ਅਤੇ ਫਰਾਂਸ ਵਿੱਚ ਸੋਮਵਾਰ ਨੂੰ ਭਾਰਤੀ ਸਮੇਂ ਅਨੁਸਾਰ ਸ਼ਾਮ 4 ਵਜੇ ਬਿਜਲੀ ਗੁਲ ਹੋ ਗਈ। ਇਸ ਕਾਰਨ ਤਿੰਨਾਂ ਦੇਸ਼ਾਂ ਦੇ ਮੈਟਰੋ, ਹਵਾਈ ਅੱਡਾ, ਰੇਲ ਅਤੇ ਮੋਬਾਈਲ ਨੈੱਟਵਰਕ ਠੱਪ ਹੋ ਗਏ ਹਨ।

ਇਸ ਬਲੈਕਆਊਟ ਕਾਰਨ ਲੱਖਾਂ ਲੋਕ ਬਿਜਲੀ ਤੋਂ ਬਿਨ੍ਹਾਂ ਰਹਿਣ ਲਈ ਮਜਬੂਰ ਹਨ। ਜਾਣਕਾਰੀ ਅਨੁਸਾਰ, ਪੁਰਤਗਾਲ ਅਤੇ ਸਪੇਨ ਦੀਆਂ ਰਾਜਧਾਨੀਆਂ ਵਿੱਚ ਕਈ ਮੈਟਰੋ ਟ੍ਰੇਨਾਂ ਸਟੇਸ਼ਨਾਂ ਵਿਚਕਾਰ ਸੁਰੰਗਾਂ ਵਿੱਚ ਫਸੀਆਂ ਹੋਈਆਂ ਹਨ। ਲੋਕ ਇਨ੍ਹਾਂ ਮਹਾਨਗਰਾਂ ਵਿੱਚ ਫਸੇ ਹੋਏ ਹਨ।



ਪੁਰਤਗਾਲੀ ਪੁਲਿਸ ਨੇ ਪੁਸ਼ਟੀ ਕੀਤੀ ਕਿ ਰੇਲ ਗੱਡੀਆਂ ਬੰਦ ਸਨ, ਪੋਰਟੋ ਅਤੇ ਲਿਸਬਨ ਦੋਨਾਂ ਵਿੱਚ ਮੈਟਰੋ ਸੇਵਾਵਾਂ ਬੰਦ ਕਰ ਦਿੱਤੀਆਂ ਗਈਆਂ ਹਨ ਅਤੇ ਦੇਸ਼ ਭਰ ਵਿੱਚ ਟ੍ਰੈਫਿਕ ਸਿਗਨਲ ਪ੍ਰਭਾਵਿਤ ਹੋਏ ਹਨ।

# ਕਿਸਾਨਾਂ ਲਈ ਵੱਡਾ ਹੁਲਾਰਾ: ਹਰਪਾਲ ਚੀਮਾ ਵੱਲੋਂ 'ਫੂਡ ਪ੍ਰੋਸੈਸਿੰਗ ਕੰਪਲੈਕਸ' ਦਾ ਉਦਘਾਟਨ

### ਪੀਏਯੂ ਨੂੰ 40 ਕਰੋੜ ਰੁਪਏ ਦੀ ਗ੍ਰਾਂਟ ਦਾ ਐਲਾਨ

ਚੰਡੀਗੜ੍ਹ/ਲੁਧਿਆਣਾ, 28 ਅਪ੍ਰੈਲ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਿੱਖਿਆ ਅਤੇ ਖੇਤੀਬਾੜੀ ਖੇਤਰ ਵਿੱਚ ਖੋਜ ਨੂੰ ਉਤਸ਼ਾਹਤ ਕਰਨ ਦੀ ਦ੍ਰਿੜ ਵਚਨਬੱਧਤਾ ਤਹਿਤ ਸੂਬੇ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਨੂੰ ਵਿੱਤੀ ਸਾਲ 2025-26 ਵਿੱਚ ਰਾਜ ਸਰਕਾਰ ਤੋਂ 40 ਕਰੋੜ ਰੁਪਏ ਦੀ ਪੂੰਜੀ ਗ੍ਰਾਂਟ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਵਿੱਤੀ ਸਾਲ 2024-25 ਵਿੱਚ 20 ਕਰੋੜ ਰੁਪਏ ਦੀ ਪੂੰਜੀ ਗ੍ਰਾਂਟ ਨਾਲ ਖੇਤੀਬਾੜੀ ਖੋਜ ਅਤੇ ਅਕਾਦਮਿਕ ਬੁਨਿਆਦੀ ਢਾਂਚੇ ਨੂੰ ਅੱਗੇ ਵਧਾਉਣ ਲਈ ਪੀਏਯੂ ਦੇ ਯਤਨਾਂ ਨੂੰ ਲੋੜੀਂਦਾ ਹੁਲਾਰਾ ਦਿੱਤਾ ਗਿਆ ਹੈ।



# 4.37 ਕਰੋੜ ਰੁਪਏ ਦੀ ਲਾਗਤ ਨਾਲ ਖੰਨਾ ਵਿੱਚ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ

### * ਤਰੁਨਪ੍ਰੀਤ ਸਿੰਘ ਸੌਂਦ ਨੇ ਸੂਟਿੰਗ ਰੇਂਜ ਅਤੇ ਸਮਾਰਟ ਸੁਵਿਧਾਵਾਂ ਦਾ ਕੀਤਾ ਉਦਘਾਟਨ * ਲੁਧਿਆਣਾ ਜ਼ਿਲ੍ਹੇ ਦਾ ਪਹਿਲਾ ਸਰਕਾਰੀ ਸਕੂਲ ਬਣਿਆਂ ਸੂਟਿੰਗ ਚੈਂਪੀਅਨਾਂ ਦੀ ਨਰਸਰੀ

ਚੰਡੀਗੜ੍ਹ, 28 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਸਕਾਰਾਤਮਕ ਨਤੀਜੇ ਦਿਖਣੇ ਸ਼ੁਰੂ ਹੋ ਗਏ ਹਨ। ਸਕੂਲਾਂ ਵਿੱਚ ਅਤਿ ਆਧੁਨਿਕ ਲੈਬਾਂ ਤੇ ਸਮਾਰਟ ਰੂਮ ਤਿਆਰ ਕਰਨ ਨਾਲ ਜਿੱਥੇ ਵਿਦਿਆਰਥੀਆਂ ਦੀ ਹਾਜ਼ਰੀ ਵੱਧਣੀ ਸ਼ੁਰੂ ਹੋ ਗਈ ਹੈ ਉੱਥੇ ਹੀ ਕਈ ਸਕੂਲਾਂ ਵਿੱਚ ਨਵੇਂ ਵਿਦਿਆਰਥੀਆਂ ਦੀ ਦਾਖਲਾ ਦਰ ਵਿੱਚ ਵੀ ਵਾਧਾ ਹੋਣਾ ਸ਼ੁਰੂ ਹੋ ਗਿਆ ਹੈ।



ਖੰਨਾ ਦੇ ਵਿਧਾਇਕ ਅਤੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਹਲਕੇ ਦੇ ਸਕੂਲਾਂ ਦੀ ਨੁਹਾਰ ਬਦਲਣ ਲਈ 7 ਅਪ੍ਰੈਲ ਤੋਂ ਲੈ ਕੇ 19 ਅਪ੍ਰੈਲ, 2025 ਤੱਕ 32 ਸਕੂਲਾਂ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਕੀਤੇ ਹਨ। ਇਨ੍ਹਾਂ ਵਿਕਾਸ ਕਾਰਜਾਂ ਉੱਤੇ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ 4.37 ਕਰੋੜ ਰੁਪਏ ਦੇ ਕਰੀਬ ਖਰਚਾ ਕੀਤਾ ਗਿਆ ਹੈ। ਸੌਂਦ ਨੇ ਦੱਸਿਆ ਕਿ ਸਿੱਖਿਆ ਕ੍ਰਾਂਤੀ ਦੇ ਪਹਿਲੇ ਮਹੀਨੇ ਹੀ ਸਰਕਾਰੀ ਸਕੂਲਾਂ ਵਿੱਚ ਸਾਰਥਕ ਤੇ ਸਕਾਰਾਤਮਕ ਤਬਦੀਲੀ ਵੇਖਣ ਨੂੰ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਜਲਦ ਹੀ ਪੰਜਾਬ ਦੇ ਸਾਰੇ ਸਕੂਲਾਂ ਦੀ ਦਸ਼ਾ ਤੇ ਦਿਸ਼ਾ ਬਦਲ ਦਿੱਤੀ ਜਾਵੇਗੀ।

17 ਅਪ੍ਰੈਲ ਨੂੰ ਤਰੁਨਪ੍ਰੀਤ ਸਿੰਘ ਸੌਂਦ ਨੇ ਰਘਵੀਰ ਸਿੰਘ ਫਰੀਡਮ ਫਾਈਟਰ ਪੀਐਮ ਸ਼੍ਰੀ ਸਰਕਾਰੀ ਹਾਈ ਸਕੂਲ, ਅਮਲੋਹ ਰੋਡ ਖੰਨਾ ਵਿਖੇ ਪੰਜ ਨਿਸ਼ਾਨਿਆਂ ਵਾਲੀ ਸ਼ੂਟਿੰਗ ਰੇਂਜ ਦਾ ਉਦਘਾਟਨ ਕੀਤਾ ਸੀ। ਇਸ ਉੱਤੇ 5 ਲੱਖ ਰੁਪਏ ਦੀ ਲਾਗਤ ਆਈ ਸੀ। ਇਹ ਸ਼ੂਟਿੰਗ ਰੇਂਜ ਲੁਧਿਆਣਾ ਜ਼ਿਲ੍ਹੇ ਦੀ ਪਹਿਲੀ ਅਤੇ ਪੰਜਾਬ ਦੇ ਕਿਸੇ ਸਰਕਾਰੀ ਸਕੂਲ ਦੀ 7ਵੀਂ ਸ਼ੂਟਿੰਗ ਰੇਂਜ ਹੈ। ਸਕੂਲ ਦੇ ਹੈਡਮਾਸਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਸਕੂਲ ਦੇ 30 ਵਿਦਿਆਰਥੀ ਇੱਥੇ ਸ਼ੂਟਿੰਗ ਸਿੱਖ ਰਹੇ ਹਨ। ਵਿਦਿਆਰਥੀਆਂ ਨੂੰ ਕੌਮੀ ਖਿਡਾਰੀ ਗੁਰਸਿਮਰਨ ਸਿੰਘ ਤੋਂ ਕੋਚਿੰਗ ਦਿਵਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਹੁਣ ਸਕੂਲ ਦੀ ਪੁੱਛ ਪੜਤਾਲ ਕਾਫੀ ਵੱਧ ਗਈ ਹੈ। ਸਕੂਲ ਵਿੱਚ ਰੋਜ਼ ਬਹੁਤ ਸਾਰੇ ਮਾਪੇ ਇਸ ਗੱਲ ਦੀ ਜਾਣਕਾਰੀ ਲੈਣ ਆਉਂਦੇ ਹਨ ਕਿ ਉਹ ਵੀ ਆਪਣੇ ਬੱਚਿਆਂ ਨੂੰ ਸ਼ੂਟਿੰਗ ਦੀ ਸਿਖਲਾਈ ਦਿਵਾਉਣਾ ਚਾਹੁੰਦੇ ਹਨ। ਹੈੱਡਮਾਸਟਰ ਨੇ ਦੱਸਿਆ ਕਿ ਸ਼ੂਟਿੰਗ ਰੇਂਜ, ਸਮਾਰਟ ਕਲਾਸ ਰੂਮਾਂ ਅਤੇ ਆਧੁਨਿਕ ਕੰਪਿਊਟਰ ਲੈਬਾਂ ਕਰਕੇ ਵਿਦਿਆਰਥੀਆਂ ਦੀ ਹਾਜ਼ਰੀ ਵਿੱਚ ਵੱਡਾ ਸੁਧਾਰ ਆਇਆ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC Member
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7




SherGill Law Firm
Barrister, Solicitor & Notary Public
Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca



# ਜੇਐੱਨਯੂ ਵਿਦਿਆਰਥੀ ਯੂਨੀਅਨ ਚੋਣਾਂ ਵਿਚ ਖੱਬੇ ਪੱਖੀ ਪਾਰਟੀਆਂ ਨੇ 3 ਅਹੁਦੇ ਜਿੱਤੇ

## ਏਬੀਵੀਪੀ ਦੀ 9 ਸਾਲਾਂ ਬਾਅਦ ਵਾਪਸੀ, ਸੰਯੁਕਤ ਸਕੱਤਰ ਦਾ ਅਹੁਦਾ ਜਿੱਤਿਆ



ਨਵੀਂ ਦਿੱਲੀ, 28 ਅਪ੍ਰੈਲ (ਪੋਸਟ ਬਿਊਰੋ): ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿਦਿਆਰਥੀ ਯੂਨੀਅਨ (ਜੇਐੱਨਐੱਸਯੂ) ਚੋਣਾਂ ਵਿੱਚ ਖੱਬੇ ਪੱਖੀ ਪਾਰਟੀਆਂ ਨੇ 4 ਵਿੱਚੋਂ 3 ਅਹੁਦਿਆਂ 'ਤੇ ਜਿੱਤ ਪ੍ਰਾਪਤ ਕੀਤੀ ਹੈ। ਖੱਬੇ-ਪੱਖੀ ਸਮਰਥਿਤ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ ਦੇ ਉਮੀਦਵਾਰਾਂ ਨੇ ਪ੍ਰਧਾਨ, ਉਪ-ਪ੍ਰਧਾਨ ਅਤੇ ਜਨਰਲ ਸਕੱਤਰ ਦੇ ਅਹੁਦਿਆਂ 'ਤੇ ਜਿੱਤ ਪ੍ਰਾਪਤ ਕੀਤੀ ਹੈ। ਆਰਐੱਸਐੱਸ ਸਮਰਥਿਤ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏਬੀਵੀਪੀ) 9 ਸਾਲਾਂ ਬਾਅਦ ਸੱਤਾ ਵਿੱਚ ਵਾਪਿਸ ਆਈ ਅਤੇ ਸੰਯੁਕਤ ਸਕੱਤਰ ਦਾ ਅਹੁਦਾ ਜਿੱਤ ਲਿਆ। ਏਆਈਐੱਸਏ ਦੇ ਨਿਤੀਸ਼ ਕੁਮਾਰ ਨੇ ਪ੍ਰਧਾਨ ਦਾ ਅਹੁਦਾ ਜਿੱਤ ਲਿਆ ਹੈ। ਡੈਮੋਕ੍ਰੇਟਿਕ ਸਟੂਡੈਂਟਸ ਫੈਡਰੇਸ਼ਨ ਦੀ ਮਨੀਸ਼ਾ ਨੇ ਉਪ ਪ੍ਰਧਾਨ ਦਾ ਅਹੁਦਾ ਜਿੱਤਿਆ ਅਤੇ ਮੁਨਤਾਹਾ ਫਾਤਿਮਾ ਨੇ ਜਨਰਲ ਸਕੱਤਰ ਦਾ ਅਹੁਦਾ ਜਿੱਤਿਆ। ਏਆਈਐੱਸਏ ਅਤੇ ਡੀਐੱਸਐੱਫ ਨੇ ਮਿਲ ਕੇ ਚੋਣਾਂ ਲੜੀਆਂ। ਇਸ ਦੌਰਾਨ, ਏਬੀਵੀਪੀ ਦੇ ਵੈਭਵ ਮੀਣਾ 1518 ਵੋਟਾਂ ਨਾਲ ਸੰਯੁਕਤ ਸਕੱਤਰ ਚੁਣੇ ਗਏ।

ਜੇਐੱਨਐੱਸਯੂ ਚੋਣਾਂ ਲਈ ਵੋਟਿੰਗ 25 ਅਪ੍ਰੈਲ ਨੂੰ ਹੋਈ ਸੀ। ਐਤਵਾਰ ਦੇਰ ਰਾਤ ਤੱਕ ਗਿਣਤੀ ਤੋਂ ਬਾਅਦ ਨਤੀਜੇ ਐਲਾਨੇ ਗਏ। ਜੇਐੱਨਯੂ ਚੋਣ ਕਮਿਸ਼ਨ ਅਨੁਸਾਰ, ਲਗਭਗ 70 ਪ੍ਰਤੀਸ਼ਤ ਵੋਟਿੰਗ ਹੋਈ। 7,906 ਵਿਦਿਆਰਥੀਆਂ ਵਿੱਚੋਂ, ਲਗਭਗ 5,500 ਨੇ ਆਪਣੀਆਂ ਵੋਟਾਂ ਪਾਈਆਂ। ਜੇਐੱਨਐੱਸਯੂ ਚੋਣਾਂ ਪਹਿਲਾਂ 8 ਅਪ੍ਰੈਲ ਨੂੰ ਹੋਣੀਆਂ ਸਨ, ਪਰ ਕੈਂਪਸ ਵਿੱਚ ਹਿੰਸਾ ਕਾਰਨ ਵੋਟਿੰਗ 25 ਅਪ੍ਰੈਲ ਨੂੰ ਹੋਈ।

# ਕਣਕ ਦੀ ਖਰੀਦ ਵਿੱਚ ਰਿਕਾਰਡ ਪ੍ਰਗਤੀ: ਇੱਕ ਦਿਨ ਵਿੱਚ 5 ਲੱਖ ਮੀਟਰਿਕ ਟਨ ਕਣਕ ਦੀ ਹੋਈ ਲਿਫਟਿੰਗ

## 100 ਲੱਖ ਮੀਟਰਿਕ ਟਨ ਆਮਦ ਦਾ ਅੰਕੜਾ ਹੋਇਆ ਪਾਰ, ਕਿਸਾਨਾਂ ਨੂੰ 20,000 ਕਰੋੜ ਰੁਪਏ ਦਾ ਕੀਤਾ ਭੁਗਤਾਨ : ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 28 ਅਪ੍ਰੈਲ (ਪੋਸਟ ਬਿਊਰੋ): ਕਣਕ ਦੇ ਮੌਜੂਦਾ ਖਰੀਦ ਸੀਜ਼ਨ ਦੌਰਾਨ ਇੱਕ ਦਿਨ ਦੀ ਲਿਫਟਿੰਗ 5 ਲੱਖ ਮੀਟਰਿਕ ਟਨ (ਐਲ.ਐਮ.ਟੀ.) ਨੂੰ ਪਾਰ ਕਰ ਗਈ ਹੈ ਅਤੇ ਮੌਜੂਦਾ ਸਮੇਂ 5,26,750 ਮੀਟਰਿਕ ਟਨ ਹੋ ਗਈ ਹੈ। ਇਸ ਸਕਾਰਾਤਮਕ ਰੁਝਾਨ ਨੂੰ ਭਵਿੱਖ ਵਿੱਚ ਵੀ ਜਾਰੀ ਰੱਖਣ ਦੀ ਜ਼ਰੂਰਤ ਹੈ ਕਿਉਂਕਿ ਲਿਫਟਿੰਗ ਵਿੱਚ ਤੇਜ਼ੀ ਲਿਆਉਣਾ ਲਾਜ਼ਮੀ ਹੈ ਅਤੇ ਇਸ ਸਬੰਧੀ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

ਅੱਜ ਅਨਾਜ ਭਵਨ ਵਿਖੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਵੀਡੀਓ ਕਾਨਫਰੰਸਿੰਗ ਦੌਰਾਨ ਕਣਕ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਦੱਸਿਆ ਗਿਆ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ 100 ਲੱਖ ਮੀਟਰਿਕ ਟਨ ਤੋਂ ਪਾਰ ਹੋ ਗਈ ਹੈ।

# ਪਹਿਲਗਾਮ ਹਮਲੇ ਦੀ ਰਿਪੋਰਟਿੰਗ ਨੂੰ ਲੈ ਕੇ ਭਾਰਤ ਨੇ 17 ਪਾਕਿਸਤਾਨੀ ਯੂਟਿਊਬ ਚੈਨਲਾਂ 'ਤੇ ਲਗਾਈ ਪਾਬੰਦੀ

ਨਵੀਂ ਦਿੱਲੀ, 28 ਅਪ੍ਰੈਲ (ਪੋਸਟ ਬਿਊਰੋ): ਭਾਰਤ ਨੇ ਸੋਮਵਾਰ ਨੂੰ ਪਹਿਲਗਾਮ ਹਮਲੇ ਦੀ ਰਿਪੋਰਟਿੰਗ ਨੂੰ ਲੈ ਕੇ 17 ਪਾਕਿਸਤਾਨੀ ਯੂਟਿਊਬ ਚੈਨਲਾਂ 'ਤੇ ਪਾਬੰਦੀ ਲਗਾ ਦਿੱਤੀ। ਇਨ੍ਹਾਂ ਵਿੱਚ ਕ੍ਰਿਕਟਰ ਸ਼ੋਏਬ ਅਖਤਰ, ਡਾਨ ਨਿਊਜ਼, ਸਮਾ ਟੀਵੀ ਅਤੇ ਜੀਓ ਨਿਊਜ਼ ਸ਼ਾਮਿਲ ਹਨ। ਸਰਕਾਰ ਦਾ ਕਹਿਣਾ ਹੈ ਕਿ ਇਹ ਚੈਨਲ ਭਾਰਤ ਅਤੇ ਸੁਰੱਖਿਆ ਏਜੰਸੀਆਂ ਵਿਰੁੱਧ ਝੂਠੀਆਂ ਅਤੇ ਗੁੰਮਰਾਹਕੁੰਨ ਖ਼ਬਰਾਂ ਚਲਾ ਰਹੇ ਹਨ।

ਬੀਬੀਸੀ ਨੂੰ ਵੀ ਚੇਤਾਵਨੀ ਦਿੱਤੀ ਗਈ ਹੈ। ਪਹਿਲਗਾਮ ਹਮਲੇ ਦੀ ਰਿਪੋਰਟਿੰਗ ਕਰਦੇ ਸਮੇਂ, ਬੀਬੀਸੀ ਅੱਤਵਾਦੀਆਂ ਨੂੰ ਕੱਟੜਪੰਥੀ ਕਹਿ ਰਿਹਾ ਸੀ। ਸਰਕਾਰ ਨੇ ਇਹ ਕਾਰਵਾਈ ਗ੍ਰਹਿ ਮੰਤਰਾਲੇ ਦੀ ਸਿਫਾਰਸ਼ ਤੋਂ ਬਾਅਦ ਕੀਤੀ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੱਖਿਆ ਮੰਤਰੀ ਰਾਜਨਾਥ ਵਿਚਕਾਰ ਇੱਕ ਮਹੱਤਵਪੂਰਨ ਮੁਲਾਕਾਤ ਹੋਈ। 40 ਮਿੰਟ ਤੱਕ ਚੱਲੀ ਇਸ ਮੁਲਾਕਾਤ ਵਿੱਚ ਰਾਜਨਾਥ ਨੇ ਪ੍ਰਧਾਨ ਮੰਤਰੀ ਨੂੰ ਪਹਿਲਗਾਮ ਹਮਲੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।




ਦੂਜੇ ਪਾਸੇ, ਅੱਜ ਜੰਮੂ-ਕਸ਼ਮੀਰ ਵਿਧਾਨ ਸਭਾ ਵਿੱਚ ਬੁਲਾਏ ਗਏ ਵਿਸ਼ੇਸ਼ ਸੈਸ਼ਨ ਵਿੱਚ ਪਹਿਲਗਾਮ ਵਿੱਚ ਮਾਰੇ ਗਏ ਸੈਲਾਨੀਆਂ ਨੂੰ ਸ਼ਰਧਾਂਜਲੀ ਦਿੱਤੀ ਗਈ।

ਇਸ ਦੌਰਾਨ, ਜੰਮੂ-ਕਸ਼ਮੀਰ ਪੁਲਿਸ ਨੇ 15 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਸੂਤਰਾਂ ਨੇ ਦੱਸਿਆ ਕਿ ਇਹ ਛਾਪੇ ਉਨ੍ਹਾਂ ਅੱਤਵਾਦੀਆਂ ਦੇ ਟਿਕਾਣਿਆਂ 'ਤੇ ਮਾਰੇ ਗਏ ਹਨ ਜੋ ਮਕਬੂਜ਼ਾ ਕਸ਼ਮੀਰ ਤੋਂ ਕੰਮ ਕਰ ਰਹੇ ਹਨ ਅਤੇ ਪਹਿਲਗਾਮ ਹਮਲੇ ਨਾਲ ਜੁੜੇ ਹੋਏ ਹਨ।

ਐੱਨਆਈਏ ਸੂਤਰਾਂ ਨੇ ਕਿਹਾ ਕਿ ਚੀਨੀ ਡਰੋਨਾਂ ਦੀ ਵਰਤੋਂ ਕੀਤੀ ਗਈ ਹੈ। 22 ਅਪ੍ਰੈਲ ਨੂੰ ਪਹਿਲਗਾਮ ਦੀ ਬੈਸਰਨ ਘਾਟੀ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ 26 ਸੈਲਾਨੀ ਮਾਰੇ ਗਏ ਸਨ। ਹੁਣ ਤੱਕ ਜੰਮੂ-ਕਸ਼ਮੀਰ ਵਿੱਚ ਧਮਾਕਿਆਂ ਵਿੱਚ 10 ਅੱਤਵਾਦੀਆਂ ਦੇ ਘਰ ਉਡਾ ਦਿੱਤੇ ਗਏ ਹਨ। ਐੱਨਆਈਏ ਇਸ ਹਮਲੇ ਦੀ ਜਾਂਚ ਕਰ ਰਹੀ ਹੈ।

ਏਜੰਸੀਆਂ ਨੂੰ ਸ਼ੱਕ ਹੈ ਕਿ ਹਥਿਆਰਾਂ ਦੀ ਸਪਲਾਈ ਵਿੱਚ ਚੀਨੀ ਡਰੋਨ ਵੀ ਵਰਤੇ ਜਾ ਸਕਦੇ ਹਨ। ਸੂਤਰਾਂ ਨੇ ਦੱਸਿਆ ਕਿ ਹਮਲੇ ਤੋਂ ਬਾਅਦ ਅੱਤਵਾਦੀਆਂ ਦੇ ਪੁਲਵਾਮਾ ਜਾਂ ਅਨੰਤਨਾਗ ਭੱਜਣ ਦੀ ਸੰਭਾਵਨਾ ਹੈ। ਹਮਲੇ ਤੋਂ ਬਾਅਦ, ਇਨ੍ਹਾਂ ਰਸਤਿਆਂ 'ਤੇ ਆਵਾਜਾਈ ਦੇਖੀ ਗਈ।

# ਬੀਕਾਨੇਰ-ਦਿੱਲੀ ਹਾਈਵੇਅ 'ਤੇ ਟੈਂਕਰ-ਸਕਾਰਪੀਓ ਦੀ ਟੱਕਰ ਵਿੱਚ ਮਾਂ-ਬੇਟੇ ਦੀ ਮੌਤ

ਚੁਰੂ, 28 ਅਪ੍ਰੈਲ (ਪੋਸਟ ਬਿਊਰੋ): ਚੁਰੂ ਵਿੱਚ ਇੱਕ ਸਕਾਰਪੀਓ ਅਤੇ ਇੱਕ ਦੁੱਧ ਦੇ ਟੈਂਕਰ ਦੀ ਟੱਕਰ ਹੋ ਗਈ। ਇਸ ਹਾਦਸੇ ਵਿੱਚ ਚਿੜਾਵਾ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਅਤੇ ਉਨ੍ਹਾਂ ਦੀ ਮਾਂ ਦੀ ਮੌਤ ਹੋ ਗਈ। ਹਾਦਸੇ ਵਿੱਚ ਸਕਾਰਪੀਓ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਇਹ ਹਾਦਸਾ ਰਾਜਲਦੇਸਰ ਥਾਣਾ ਖੇਤਰ ਵਿੱਚ ਐੱਨਐੱਚ 11 (ਦਿੱਲੀ-ਬੀਕਾਨੇਰ ਹਾਈਵੇਅ) 'ਤੇ ਰਾਜਣਾ ਜੌਹੜ ਨੇੜੇ ਵਾਪਰਿਆ।



ਰਾਜਲਦੇਸਰ ਪੁਲਿਸ ਸਟੇਸ਼ਨ ਦੇ ਏਐੱਸਆਈ ਸੁਰੇਸ਼ ਕੁਮਾਰ ਨੇ ਦੱਸਿਆ ਕਿ ਪਿਲਾਨੀ ਦੇ ਕੁਲਦੀਆ ਕਾ ਬਾਸ ਪਿੰਡ ਦੀ ਰਹਿਣ ਵਾਲੀ ਉਰਮਿਲਾ ਦੇਵੀ (65) ਕੈਂਸਰ ਤੋਂ ਪੀੜਤ ਸੀ। ਉਸਦਾ ਪੁੱਤਰ ਅਮਿਤ ਕੁਮਾਰ (43) ਉਸਨੂੰ ਦਿਖਾਉਣ ਲਈ ਇੱਕ ਸਕਾਰਪੀਓ ਵਿੱਚ ਬੀਕਾਨੇਰ ਲੈ ਜਾ ਰਿਹਾ ਸੀ। ਸਵੇਰੇ 3 ਵਜੇ, ਸਾਹਮਣੇ ਤੋਂ ਆ ਰਹੇ ਇੱਕ ਦੁੱਧ ਦੇ ਟੈਂਕਰ ਅਤੇ ਇੱਕ ਸਕਾਰਪੀਓ ਦੀ ਟੱਕਰ ਹੋ ਗਈ। ਅਮਿਤ ਹਰ ਪੰਦਰਾਂ ਦਿਨਾਂ ਬਾਅਦ ਆਪਣੀ ਮਾਂ ਨੂੰ ਇਲਾਜ ਲਈ ਬੀਕਾਨੇਰ ਲਿਜਾਂਦਾ ਸੀ।

ਏਐੱਸਆਈ ਸੁਰੇਸ਼ ਕੁਮਾਰ ਨੇ ਦੱਸਿਆ ਕਿ ਹਾਦਸੇ ਵਿੱਚ ਸਕਾਰਪੀਓ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਹਾਦਸੇ ਵਿੱਚ ਅਮਿਤ ਦੀ ਮੌਕੇ 'ਤੇ ਹੀ ਮੌਤ ਹੋ ਗਈ। ਉਰਮਿਲਾ ਦੇਵੀ ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ, ਅਮਿਤ ਕੁਮਾਰ ਦੀ ਲਾਸ਼ ਨੂੰ ਸਕਾਰਪੀਓ ਵਿੱਚੋਂ ਬਾਹਰ ਕੱਢਿਆ ਗਿਆ।

# ਬਹਾਦਰਾਂ ਦਾ ਸਨਮਾਨ: ਪੰਜਾਬ ਸਰਕਾਰ ਨੇ ਬਹਾਦਰ ਸੈਨਿਕਾਂ ਨੂੰ 15.53 ਕਰੋੜ ਰੁਪਏ ਵੰਡੇ

## ਸੂਬਾ ਸਰਕਾਰ ਬਹਾਦਰੀ ਅਤੇ ਵਿਲੱਖਣ ਸੇਵਾਵਾਂ ਲਈ ਪੁਰਸਕਾਰ ਜੇਤੂਆਂ ਨੂੰ ਮਾਨਤਾ ਦਿੰਦੀ ਹੈ: ਮੋਹਿੰਦਰ ਭਗਤ

ਚੰਡੀਗੜ੍ਹ, 28 ਅਪ੍ਰੈਲ (ਪੋਸਟ ਬਿਊਰੋ): ਸੇਵਾਵਾਂ ਨਿਭਾ ਰਹੇ ਅਤੇ ਸਾਬਕਾ ਸੈਨਿਕਾਂ ਦੀ ਭਲਾਈ ਪ੍ਰਤੀ ਆਪਣੀ ਦ੍ਰਿੜ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਪੰਜਾਬ ਸਰਕਾਰ ਨੇ ਪਿਛਲੇ ਵਿੱਤੀ ਸਾਲ ਦੌਰਾਨ ਬਹਾਦਰੀ ਅਤੇ ਵਿਲੱਖਣ ਸੇਵਾਵਾਂ ਲਈ 1615 ਪੁਰਸਕਾਰ ਜੇਤੂਆਂ ਨੂੰ ਕੁੱਲ 15.53 ਕਰੋੜ ਰੁਪਏ ਦੀ ਰਾਸ਼ੀ ਵੰਡੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਇਹ ਰਾਸ਼ੀ ਪੰਜਾਬ ਨਾਲ ਸਬੰਧਤ ਸੈਨਿਕਾਂ ਵੱਲੋਂ ਨਿਭਾਈਆਂ ਗਈਆਂ ਬੇਮਿਸਾਲ ਬਹਾਦਰੀ ਅਤੇ ਵਿਲੱਖਣ ਸੇਵਾਵਾਂ ਦੇ ਸਨਮਾਨ ਵਜੋਂ ਵੰਡੀ ਗਈ ਹੈ। ਉਨ੍ਹਾਂ ਕਿਹਾ, "ਸਾਡੇ ਬਹਾਦਰ ਸੈਨਿਕਾਂ ਨੇ ਆਪਣੀ ਮਿਸਾਲੀ ਹਿੰਮਤ ਅਤੇ ਨਿਰਸਵਾਰਥ ਸੇਵਾ ਰਾਹੀਂ ਦੇਸ਼ ਅਤੇ ਸੂਬੇ ਦਾ ਮਾਣ ਵਧਾਇਆ ਹੈ। ਉਨ੍ਹਾਂ ਦਾ ਬਣਦਾ ਸਨਮਾਨ ਕਰਨਾ ਸਾਡਾ ਫਰਜ਼ ਹੈ।" ਭਗਤ ਨੇ ਕਿਹਾ ਕਿ ਸੈਨਿਕਾਂ ਦੀਆਂ ਕੁਰਬਾਨੀਆਂ ਦਾ ਕਦੇ ਵੀ ਮੁੱਲ ਨਹੀਂ ਚੁਕਾਇਆ ਜਾ ਸਕਦਾ, ਪਰ ਸਰਕਾਰ ਉਨ੍ਹਾਂ ਦੀ ਬਹਾਦਰੀ ਨੂੰ ਮਾਨਤਾ ਦੇਣ ਅਤੇ ਸਲਾਮ ਕਰਨ ਲਈ ਕੋਈ ਮੌਕਾ ਨਹੀਂ ਛੱਡੇਗੀ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:

- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals



Gurpreet Purba
Broker, CRA

416-669-1423
www.purbahomes.com

# ਭਾਰਤ-ਪਾਕਿਸਤਾਨ ਤਣਾਅ ਦੇ ਚਲਦੇ ਡੇਢ ਸਾਲ ਦੀ ਮਾਸੂਮ ਆਪਣੀ ਮਾਂ ਨੂੰ ਛੱਡ ਕੇ ਪਾਕਿਸਤਾਨ 'ਚ ਆਪਣੇ ਪਿਤਾ ਨਾਲ ਰਹੇਗੀ

ਸ੍ਰੀ ਗੰਗਾਨਗਰ, 28 ਅਪ੍ਰੈਲ (ਪੋਸਟ ਬਿਊਰੋ): 22 ਅਪ੍ਰੈਲ ਨੂੰ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧੇ ਤਣਾਅ ਕਾਰਨ ਇੱਕ ਮਾਂ ਆਪਣੀ ਬੇਟੀ ਤੋਂ ਵੱਖ ਹੋ ਗਈ। ਭਾਰਤ ਸਰਕਾਰ ਵੱਲੋਂ ਪਾਕਿਸਤਾਨੀ ਨਾਗਰਿਕਾਂ ਨੂੰ 48 ਘੰਟਿਆਂ ਦੇ ਅੰਦਰ ਭਾਰਤ ਛੱਡਣ ਦੇ ਹੁਕਮ ਤੋਂ ਬਾਅਦ, ਡੇਢ ਸਾਲ ਦੀ ਬੇਟੀ ਨੂੰ ਆਪਣੀ ਮਾਂ ਨੂੰ ਛੱਡਣਾ ਪਿਆ। ਹੁਣ ਇਹ ਡੇਢ ਸਾਲ ਦੀ ਬੇਟੀ ਆਪਣੇ ਪਿਤਾ ਨਾਲ ਪਾਕਿਸਤਾਨ ਵਿੱਚ ਰਹੇਗੀ।



ਡੇਢ ਸਾਲ ਦੀ ਆਦਰਸ਼ਿਨੀ ਨੂੰ ਹੁਣ ਆਪਣੀ ਮਾਂ ਦੀ ਗੋਦ ਛੱਡ ਕੇ ਪਾਕਿਸਤਾਨ ਵਿੱਚ ਰਹਿੰਦੇ ਆਪਣੇ ਪਿਤਾ ਨਾਲ ਰਹਿਣਾ ਪਵੇਗਾ। ਸ੍ਰੀ ਗੰਗਾਨਗਰ ਦੇ ਜੈਤਸਰ ਕਸਬੇ ਦੇ 3 ਐੱਲਸੀ ਦੀ ਵਸਨੀਕ ਭੌਰ ਰਸ਼ਮੀ ਨੂੰ ਹੁਣ ਆਪਣੀ ਪਾਕਿਸਤਾਨੀ ਬੇਟੀ ਨੂੰ ਵਾਪਿਸ ਪਾਕਿਸਤਾਨ ਭੇਜਣਾ ਪਵੇਗਾ। ਭੌਰ ਰਸ਼ਮੀ ਦਾ ਵਿਆਹ ਲਗਭਗ 3 ਸਾਲ ਪਹਿਲਾਂ ਪਾਕਿਸਤਾਨ ਦੇ ਉਮਰਕੋਟ ਦੇ ਰਹਿਣ ਵਾਲੇ ਧਨਪਤ ਸੋਡਾ ਨਾਲ ਹੋਇਆ ਸੀ। ਜਿਸ ਤੋਂ ਬਾਅਦ ਉਨ੍ਹਾਂ ਦੀ ਬੇਟੀ ਆਦਰਸ਼ਿਨੀ ਦਾ ਜਨਮ ਪਾਕਿਸਤਾਨ ਵਿੱਚ ਹੋਇਆ।

ਭੌਰ ਰਸ਼ਮੀ 3 ਅਪ੍ਰੈਲ ਨੂੰ ਆਪਣੀ 1.5 ਸਾਲ ਦੀ ਬੇਟੀ ਨਾਲ ਆਪਣੇ ਮਾਪਿਆਂ ਕੋਲ ਜਾਣ ਲਈ ਭਾਰਤ ਆਈ ਸੀ। ਉਦੋਂ ਤੱਕ ਭਾਰਤ ਅਤੇ ਪਾਕਿਸਤਾਨ ਦੇ ਸਬੰਧਾਂ ਵਿੱਚ ਇੰਨੀ ਦਰਾਰ ਨਹੀਂ ਸੀ। ਪਰ 22 ਅਪ੍ਰੈਲ ਨੂੰ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ-ਪਾਕਿਸਤਾਨ ਦੇ ਸਬੰਧਾਂ ਵਿੱਚ ਆਈ ਦਰਾਰ ਤੋਂ ਬਾਅਦ, ਮਾਂ-ਬੇਟੀ ਨੂੰ ਹੁਣ ਵੱਖ-ਵੱਖ ਦੇਸ਼ਾਂ ਵਿੱਚ ਰਹਿਣਾ ਪਵੇਗਾ। ਕਿਉਂਕਿ ਬੇਟੀ ਦਾ ਜਨਮ ਪਾਕਿਸਤਾਨ ਵਿੱਚ ਹੋਇਆ ਸੀ, ਉਹ ਇੱਕ ਪਾਕਿਸਤਾਨੀ ਨਾਗਰਿਕ ਹੈ। ਕੁੜੀ ਦੀ ਮਾਂ ਭੌਰ ਰਸ਼ਮੀ ਕੋਲ ਭਾਰਤੀ ਨਾਗਰਿਕਤਾ ਹੈ। ਅਜਿਹੀ ਸਥਿਤੀ ਵਿੱਚ, ਭਾਰਤ ਸਰਕਾਰ ਦੇ 48 ਘੰਟਿਆਂ ਦੇ ਅੰਦਰ ਆਪਣੇ ਦੇਸ਼ ਵਾਪਿਸ ਜਾਣ ਦੇ ਆਦੇਸ਼ਾਂ ਕਾਰਨ, ਲੜਕੀ ਨੂੰ ਹੁਣ ਪਾਕਿਸਤਾਨ ਵਾਪਿਸ ਜਾਣਾ ਪਵੇਗਾ।

# ਯੂਪੀ-ਬਿਹਾਰ ਵਿੱਚ ਬਿਜਲੀ ਡਿੱਗਣ ਕਾਰਨ 4 ਮੌਤਾਂ, 21 ਰਾਜਾਂ ਵਿੱਚ ਭਾਰੀ ਮੀਂਹ ਅਤੇ ਗਰਜ ਦੀ ਚਿਤਾਵਨੀ

ਨਵੀਂ ਦਿੱਲੀ, 28 ਅਪ੍ਰੈਲ (ਪੋਸਟ ਬਿਊਰੋ): ਸੋਮਵਾਰ ਨੂੰ ਉੱਤਰ ਪ੍ਰਦੇਸ਼ ਅਤੇ ਬਿਹਾਰ ਵਿੱਚ ਬਿਜਲੀ ਡਿੱਗਣ ਕਾਰਨ ਚਾਰ ਲੋਕਾਂ ਦੀ ਮੌਤ ਹੋ ਗਈ। ਉੱਤਰ ਪ੍ਰਦੇਸ਼ ਦੇ ਅਯੁੱਧਿਆ ਵਿੱਚ ਇੱਕ ਬੱਚੀ ਦੀ ਮੌਤ ਹੋ ਗਈ ਅਤੇ ਫਤਿਹਪੁਰ ਵਿੱਚ ਇੱਕ ਕਿਸਾਨ ਦੀ ਮੌਤ ਹੋ ਗਈ। ਇਸ ਦੇ ਨਾਲ ਹੀ ਬਿਹਾਰ ਦੇ ਪਟਨਾ ਅਤੇ ਹਾਜੀਪੁਰ ਵਿੱਚ ਇੱਕ-ਇੱਕ ਵਿਅਕਤੀ ਦੀ ਮੌਤ ਹੋਈ ਹੈ।

ਮੌਸਮ ਵਿਭਾਗ ਨੇ ਅੱਜ ਵੀ ਦੇਸ਼ ਦੇ 21 ਰਾਜਾਂ ਵਿੱਚ ਭਾਰੀ ਮੀਂਹ ਦੇ ਨਾਲ-ਨਾਲ ਗਰਜ-ਤੂਫ਼ਾਨ ਦੀ ਚੇਤਾਵਨੀ ਜਾਰੀ ਕੀਤੀ ਹੈ। ਇਸ ਦੇ ਨਾਲ ਹੀ ਰਾਜਸਥਾਨ, ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਹੀਟਵੇਵ ਅਲਰਟ ਹੈ। ਰਾਜਸਥਾਨ ਵਿੱਚ ਲਗਾਤਾਰ ਦੂਜੇ ਦਿਨ ਤਾਪਮਾਨ ਵਧੇਗਾ।



ਐਤਵਾਰ ਨੂੰ ਬਾੜਮੇਰ ਵਿੱਚ ਸਭ ਤੋਂ ਵੱਧ ਤਾਪਮਾਨ 46.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇੱਥੇ, ਐਤਵਾਰ ਨੂੰ ਦਿੱਲੀ ਵਿੱਚ ਤਾਪਮਾਨ ਵਿੱਚ ਥੋੜ੍ਹੀ ਗਿਰਾਵਟ ਆਈ, ਪਰ ਇੱਥੇ ਤਾਪਮਾਨ 41.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਭਾਗ ਨੇ ਅਗਲੇ ਪੰਜ ਦਿਨਾਂ ਲਈ ਪੰਜਾਬ ਵਿੱਚ ਗਰਮੀ ਦੀ ਲਹਿਰ ਲਈ ਪੀਲਾ ਅਲਰਟ ਜਾਰੀ ਕੀਤਾ ਹੈ।

# ਪਾਕਿਸਤਾਨ ਨੂੰ ਓਵੈਸੀ ਦਾ ਸਖ਼ਤ ਜਵਾਬ: ਜੇ ਤੁਸੀਂ ਬੇਕਸੂਰਾਂ ਨੂੰ ਮਾਰੋਗੇ ਤਾਂ ਅਸੀਂ ਚੁੱਪ ਨਹੀਂ ਬੈਠਾਂਗੇ

ਮੁੰਬਈ, 28 ਅਪ੍ਰੈਲ (ਪੋਸਟ ਬਿਊਰੋ): ਪਹਿਲਗਾਮ ਅੱਤਵਾਦੀ ਹਮਲੇ ਬਾਰੇ, ਏਆਈਐੱਮਆਈਐੱਮ ਮੁਖੀ ਅਸਦੁਦੀਨ ਓਵੈਸੀ ਨੇ ਐਤਵਾਰ ਨੂੰ ਕਿਹਾ ਕਿ ਪਾਕਿਸਤਾਨ ਖੁਦ ਨੂੰ ਪ੍ਰਮਾਣੂ ਸ਼ਕਤੀ ਕਹਿੰਦਾ ਹੈ। ਉਨ੍ਹਾਂ ਦੇ ਆਗੂ ਪ੍ਰਮਾਣੂ ਯੁੱਧ ਦੀ ਧਮਕੀ ਦੇ ਰਹੇ ਹਨ। ਪਰ ਉਨ੍ਹਾਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਜੇਕਰ ਉਹ ਕਿਸੇ ਵੀ ਦੇਸ਼ ਵਿੱਚ ਦਾਖਲ ਹੋ ਕੇ ਮਾਸੂਮ ਲੋਕਾਂ ਨੂੰ ਮਾਰਦੇ ਹਨ, ਤਾਂ ਕੋਈ ਵੀ ਚੁੱਪ ਨਹੀਂ ਬੈਠਣ ਵਾਲਾ ਹੈ। ਤੁਹਾਨੂੰ ਜਵਾਬ ਮਿਲ ਜਾਵੇਗਾ।

ਓਵੈਸੀ ਨੇ ਅੱਗੇ ਕਿਹਾ ਕਿ ਸਰਕਾਰ ਕੋਈ ਵੀ ਹੋਵੇ, ਇਸ ਨਾਲ ਕੋਈ ਫ਼ਰਕ ਨਹੀਂ ਪੈਂਦਾ। ਇਸ ਤਰ੍ਹਾਂ ਆਕੇ ਅਤੇ ਸਾਡੀ ਭਾਰਤੀ ਧਰਤੀ 'ਤੇ ਹਮਲਾ ਕਰਨਾ, ਧਰਮ ਬਾਰੇ ਪੁੱਛਣ ਤੋਂ ਬਾਅਦ ਗੋਲੀ ਮਾਰਨਾ ਠੀਕ ਨਹੀਂ ਹੈ, ਤੁਸੀਂ ਉਹੀ ਕੀਤਾ ਹੈ ਜੋ ਆਈਐੱਸਆਈਐੱਸ ਕਰਦਾ ਹੈ।



ਪਾਕਿਸਤਾਨ ਸਮੇਂ ਦੇ ਮਾਮਲੇ ਵਿੱਚ ਭਾਰਤ ਤੋਂ ਅੱਧਾ ਘੰਟਾ ਨਹੀਂ ਸਗੋਂ ਅੱਧੀ ਸਦੀ ਪਿੱਛੇ ਹੈ। ਸਾਡਾ ਫੌਜੀ ਬਜਟ ਤੁਹਾਡੇ ਦੇਸ਼ ਦੇ ਬਜਟ ਤੋਂ ਵੱਧ ਹੈ।

ਦਰਅਸਲ, ਓਵੈਸੀ ਦਾ ਇਹ ਬਿਆਨ ਪਾਕਿਸਤਾਨੀ ਰੇਲ ਮੰਤਰੀ ਹਨੀਫ ਅੱਬਾਸੀ ਵੱਲੋਂ ਭਾਰਤ ਨੂੰ ਪਰਮਾਣੂ ਹਮਲੇ ਦੀ ਧਮਕੀ ਦੇਣ ਤੋਂ ਬਾਅਦ ਆਇਆ ਹੈ। ਅੱਬਾਸੀ ਨੇ ਕਿਹਾ ਸੀ ਕਿ ਅਸੀਂ ਭਾਰਤ ਲਈ ਸ਼ਾਹੀਨ, ਗੌਰੀ ਅਤੇ ਗਜ਼ਨਵੀ ਵਰਗੀਆਂ 130 ਮਿਜ਼ਾਈਲਾਂ ਰੱਖੀਆਂ ਹਨ। ਜੇਕਰ ਭਾਰਤ ਸਿੰਧੂ ਜਲ ਸੰਧੀ ਨੂੰ ਰੋਕਦਾ ਹੈ, ਤਾਂ ਅਸੀਂ ਉਸਦਾ ਸਾਹ ਲੈਣਾ ਵੀ ਬੰਦ ਕਰ ਦੇਵਾਂਗੇ। ਭਾਰਤ ਨੂੰ ਜੰਗ ਲਈ ਤਿਆਰ ਰਹਿਣਾ ਚਾਹੀਦਾ ਹੈ।

ਅੱਬਾਸੀ ਨੇ ਕਿਹਾ ਕਿ ਪਾਕਿਸਤਾਨ ਦੇ ਪਰਮਾਣੂ ਹਥਿਆਰ ਸਜਾਵਟ ਲਈ ਨਹੀਂ ਰੱਖੇ ਜਾਂਦੇ, ਸਗੋਂ ਅਸੀਂ ਦੇਸ਼ ਭਰ ਵਿੱਚ ਕਈ ਥਾਵਾਂ 'ਤੇ ਪਰਮਾਣੂ ਹਥਿਆਰ ਲੁਕਾਏ ਹਨ। ਸਾਡੀਆਂ ਮਿਜ਼ਾਈਲਾਂ ਭਾਰਤ ਵੱਲ ਨਿਸ਼ਾਨਾ ਹਨ। ਭਾਰਤ ਨੂੰ ਇਹ ਵੀ ਪਤਾ ਹੈ ਕਿ ਸਾਡੇ ਕੋਲ ਹਥਿਆਰ ਹਨ, ਇਸੇ ਲਈ ਉਹ ਸਾਡੇ 'ਤੇ ਹਮਲਾ ਨਹੀਂ ਕਰ ਰਹੇ।

ਆਪਣੀ ਸੁਰੱਖਿਆ ਵਿੱਚ ਕਮੀਆਂ ਨੂੰ ਸਵੀਕਾਰ ਕਰਨ ਦੀ ਬਜਾਏ, ਭਾਰਤ ਪਹਿਲਗਾਮ ਹਮਲੇ ਲਈ ਪਾਕਿਸਤਾਨ ਨੂੰ ਜ਼ਿੰਮੇਵਾਰ ਠਹਿਰਾ ਰਿਹਾ ਹੈ।

# ਡੀਜੀਪੀ ਨੇ ਸਾਰੇ ਐਸਐਸਪੀਜ਼ ਅਤੇ ਸੀਪੀਜ਼ ਨਾਲ ਸਮੀਖਿਆ ਮੀਟਿੰਗ ਬੁਲਾਈ, 31 ਮਈ ਤੱਕ ਨਸ਼ਿਆਂ ਦੇ ਖਾਤਮੇ ਲਈ ਯੋਜਨਾ ਪੇਸ਼ ਕਰਨ ਲਈ ਕਿਹਾ

ਚੰਡੀਗੜ੍ਹ, 28 ਅਪ੍ਰੈਲ (ਪੋਸਟ ਬਿਊਰੋ): ਨਸ਼ਿਆਂ ਦੇ ਖਾਤਮੇ ਲਈ ਵਿੱਢੀ ਸੂਬਾ ਪੱਧਰੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੌਰਾਨ ਨਸ਼ਾ ਤਸਕਰੀ ਕਰਨ ਵਾਲੇ ਨੈੱਟਵਰਕਾਂ ਨੂੰ ਵੱਡਾ ਕਾਨੂੰਨੀ ਝਟਕਾ ਦਿੰਦਿਆਂ, ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ ਐਨਡੀਪੀਐਸ ਐਕਟ ਦੇ ਮਾਮਲਿਆਂ ਵਿੱਚ 89 ਫੀਸਦੀ ਸਜ਼ਾ ਦਰ ਪ੍ਰਾਪਤ ਕਰਕੇ ਕਾਨੂੰਨੀ ਪੱਖ 'ਤੇ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਜਾਣਕਾਰੀ ਅਨੁਸਾਰ, 1 ਮਾਰਚ, 2025 ਤੋਂ ਸੂਬੇ ਭਰ ਵਿੱਚ ਐਨਡੀਪੀਐਸ ਐਕਟ ਦੇ ਕੁੱਲ 836 ਕੇਸਾਂ ਦਾ ਫੈਸਲਾ ਕੀਤਾ ਗਿਆ, ਜਿਨ੍ਹਾਂ ਵਿੱਚੋਂ 744 ਮਾਮਲਿਆਂ ਵਿੱਚ ਦੋਸ਼ ਸਾਬਤ ਹੋਏ ਹਨ।

ਪੰਜਾਬ ਪੁਲਿਸ ਹੈੱਡਕੁਆਰਟਰ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡੀਜੀਪੀ ਨੇ ਕਿਹਾ, "ਇਨ੍ਹਾਂ ਮਾਮਲਿਆਂ ਵਿੱਚ, 144 ਡਰੱਗ ਸਰਗਨਿਆਂ ਨੂੰ 10 ਸਾਲ ਜਾਂ ਇਸ ਤੋਂ ਵੱਧ ਕੈਦ ਦੀ ਸਖ਼ਤ ਸਜ਼ਾ ਸੁਣਾਈ ਗਈ ਹੈ, ਜੋ ਕਿ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਕਾਨੂੰਨ ਲਾਗੂਕਰਨ ਅਤੇ ਨਿਆਂਇਕ ਪ੍ਰਕਿਰਿਆਵਾਂ ਦੀ ਗੰਭੀਰਤਾ ਨੂੰ ਦਰਸਾਉਂਦੀ ਹੈ।" ਇਸ ਮੌਕੇ ਉਨ੍ਹਾਂ ਦੇ ਨਾਲ ਸਪੈਸ਼ਲ ਡੀਜੀਪੀ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਕੁਲਦੀਪ ਸਿੰਘ, ਏਡੀਜੀਪੀ ਏਐਨਟੀਐਫ ਨੀਲਾਭ ਕਿਸ਼ੋਰ ਅਤੇ ਆਈਜੀਪੀ ਹੈੱਡਕੁਆਟਰ ਡਾ. ਸੁਖਚੈਨ ਸਿੰਘ ਗਿੱਲ ਵੀ ਮੌਜੂਦ ਸਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 31 ਮਈ ਤੱਕ ਨਸ਼ਿਆਂ ਦੀ ਜ਼ਮੀਨੀ ਪੱਧਰ 'ਤੇ ਉਪਲਬਧਤਾ ਨੂੰ ਜ਼ੀਰੋ ਕਰਨ ਲਈ ਸਮਾਂ ਸੀਮਾ ਨਿਰਧਾਰਤ ਕੀਤੀ ਹੈ, ਇਸ ਲਈ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਆਪਣੇ-ਆਪਣੇ ਅਧਿਕਾਰ ਖੇਤਰਾਂ ਵਿੱਚ ਪੇਸ਼ੇਵਰ ਪੁਲਿਸਿੰਗ ਨੂੰ ਯਕੀਨੀ ਬਣਾ ਕੇ "ਮਿਸ਼ਨ ਨਸ਼ਾ ਮੁਕਤ ਪੰਜਾਬ" ਦੀ ਨਿੱਜੀ ਤੌਰ 'ਤੇ ਅਗਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਜ਼ਿਕਰਯੋਗ ਹੈ ਕਿ ਡੀਜੀਪੀ ਨੇ ਮੰਗਲਵਾਰ ਨੂੰ ਸਾਰੇ ਸੀਪੀਜ਼/ਐਸਐਸਪੀਜ਼ ਦੀ ਇੱਕ ਸਮੀਖਿਆ ਮੀਟਿੰਗ ਵੀ ਬੁਲਾਈ ਹੈ, ਜਿਸ ਵਿੱਚ ਸਾਰੇ ਜ਼ਿਲ੍ਹਾ ਮੁਖੀ 31 ਮਈ ਤੱਕ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਆਪਣੀ ਯੋਜਨਾ ਪੇਸ਼ ਕਰਨਗੇ।

ਉਨ੍ਹਾਂ ਕਿਹਾ, "ਸੀਪੀਜ਼/ਐਸਐਸਪੀਜ਼ ਨੂੰ ਇਹ ਟੀਚਾ ਪ੍ਰਾਪਤ ਕਰਨ ਲਈ ਸਾਰੇ ਜ਼ਰੂਰੀ ਉਪਾਵਾਂ ਦੀ ਯੋਜਨਾ ਬਣਾਉਣ ਅਤੇ ਲਾਗੂ ਕਰਨ ਦੇ ਨਾਲ ਨਾਲ 31 ਮਈ, 2025 ਤੱਕ ਕੋਈ ਟੀਚਾਗਤ ਮਿਤੀ - ਜਿਸ ਮਿਤੀ ਤੱਕ ਉਨ੍ਹਾਂ ਦੇ ਖੇਤਰ ਪੂਰੀ ਤਰ੍ਹਾਂ ਨਸ਼ਾ ਮੁਕਤ ਹੋ ਜਾਣਗੇ ਨਿਰਧਾਰਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।" ਉਨ੍ਹਾਂ ਕਿਹਾ ਕਿ 31 ਮਈ ਤੋਂ ਬਾਅਦ, ਅਸਲ ਜ਼ਮੀਨੀ ਹਕੀਕਤ ਦੀ ਪੁਸ਼ਟੀ ਕਰਨ ਲਈ ਖੁਫੀਆ ਸਰੋਤਾਂ ਅਤੇ ਹੋਰ ਸਾਧਨਾਂ ਦੀ ਵਰਤੋਂ ਕਰਕੇ ਖੇਤਰੀ ਮੁਲਾਂਕਣ ਕੀਤਾ ਜਾਵੇਗਾ।

ਡੀਜੀਪੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਵਧੀਆ ਕਾਰਗੁਜ਼ਾਰੀ ਲਈ ਇਨਾਮ ਦਿੱਤਾ ਜਾਵੇਗਾ, ਜਦੋਂ ਕਿ ਝੂਠੇ ਦਾਅਵੇ ਕਰਨ ਵਾਲੇ ਅਧਿਕਾਰੀਆਂ ਜਾਂ ਜਿਹਨਾਂ ਦੀ ਕਾਰਗੁਜ਼ਾਰੀ ਮਿਆਰ ਮੁਤਾਬਕ ਨਹੀਂ ਪਾਈ ਜਾਂਦੀ, ਤਾਂ ਉਨ੍ਹਾਂ ਦੀ ਜਵਾਬਦੇਹੀ ਅਤੇ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਪੁਲਿਸ ਦਾ ਧਿਆਨ ਅੰਕੜੇ-ਅਧਾਰਤ ਟੀਚਿਆਂ 'ਤੇ ਨਹੀਂ ਹੈ, ਸਗੋਂ ਸੂਬੇ ਭਰ ਵਿੱਚ ਨਸ਼ਿਆਂ ਦੇ ਖਾਤਮੇ ਲਈ ਸਪਲਾਈ ਚੇਨਾਂ ਨੂੰ ਪੂਰੀ ਤਰ੍ਹਾਂ ਤੋੜਨਾ ਹੈ।

ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਖਤਮ ਕਰਨ ਲਈ ਵੱਧ ਤੋਂ ਵੱਧ ਨਾਗਰਿਕਾਂ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਸੂਬੇ ਦੇ ਲੋਕਾਂ ਨੂੰ ਨਸ਼ਾ ਤਸਕਰਾਂ ਦੀ ਗੁਪਤ ਢੰਗ ਨਾਲ ਰਿਪੋਰਟ ਕਰਨ ਲਈ ਸੇਫ ਪੰਜਾਬ ਐਂਟੀ ਡਰੱਗ ਹੈਲਪਲਾਈਨ '9779100200' ਦੀ



ਵੱਧ ਤੋਂ ਵੱਧ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਹੈਲਪਲਾਈਨ 'ਤੇ ਪ੍ਰਾਪਤ ਹੋਣ ਵਾਲੀ ਹਰ ਸੂਚਨਾ ਦੀ ਰੋਜ਼ਾਨਾ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਮੁੱਖ ਮੰਤਰੀ ਨਿੱਜੀ ਤੌਰ 'ਤੇ ਪ੍ਰਗਤੀ ਦੀ ਸਮੀਖਿਆ ਕਰ ਰਹੇ ਹਨ।

ਨਸ਼ਾ ਤਸਕਰਾਂ ਦੇ ਆਰਥਿਕ ਬੁਨਿਆਦੀ ਢਾਂਚੇ ਨੂੰ ਵੱਡਾ ਝਟਕਾ ਦਿੰਦਿਆਂ ਪੁਲਿਸ ਨੇ 31 ਹਵਾਲਾ ਸੰਚਾਲਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 8.03 ਕਰੋੜ ਰੁਪਏ ਦੀ ਡਰੱਗ ਮਨੀ ਜ਼ਬਤ ਕੀਤੀ ਹੈ, ਜਦੋਂ ਕਿ ਐਨਡੀਪੀਐਸ ਐਕਟ ਦੀ ਧਾਰਾ 68-ਐਫ ਤਹਿਤ 81 ਤਸਕਰਾਂ ਦੀਆਂ 32.95 ਕਰੋੜ ਰੁਪਏ ਦੀਆਂ ਜਾਇਦਾਦਾਂ ਨੂੰ ਜ਼ਬਤ ਕੀਤਾ ਹੈ, ਜਿਸ ਨਾਲ ਉਹ ਪੈਸੇ ਨੂੰ ਲਾਂਡਰਿੰਗ ਜਾਂ ਅਪਰਾਧ ਵਿੱਚ ਮੁੜ ਨਿਵੇਸ਼ ਨਹੀਂ ਕਰ ਸਕਣਗੇ। ਇਸ ਤੋਂ ਇਲਾਵਾ ਸਥਾਨਕ ਅਧਿਕਾਰੀਆਂ ਦੁਆਰਾ ਕਾਨੂੰਨ ਅਨੁਸਾਰ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਤੌਰ 'ਤੇ ਬਣੀਆਂ 72 ਜਾਇਦਾਦਾਂ ਨੂੰ ਢਾਹ ਦਿੱਤਾ ਗਿਆ ਹੈ।

ਡੀਜੀਪੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਜੰਗ ਅੰਕੜਿਆਂ 'ਤੇ ਅਧਾਰਿਤ ਨਹੀਂ ਹੈ, ਪੰਜਾਬ ਸਰਕਾਰ ਨਸ਼ਾ ਪੀੜਤਾਂ ਨਾਲ ਹਮਦਰਦੀ ਨਾਲ ਪੇਸ਼ ਆ ਰਹੀ ਹੈ ਅਤੇ ਥੋੜ੍ਹੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਨਾਲ ਫੜੇ ਗਏ 689 ਵਿਅਕਤੀਆਂ ਨੂੰ ਐਨਡੀਪੀਐਸ ਐਕਟ ਦੀ ਧਾਰਾ 64-ਏ ਅਧੀਨ ਉਪਬੰਧ ਦੀ ਵਰਤੋਂ ਕਰਦਿਆਂ ਜੇਲ੍ਹ ਭੇਜਣ ਦੀ ਬਜਾਏ ਉਹਨਾਂ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਗਿਆ ਹੈ।

ਸੂਬੇ ਵਿੱਚ ਚਲ ਰਹੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 59 ਦਿਨ ਪੂਰੇ ਹੋਣ ਸਬੰਧੀ ਨਤੀਜਿਆਂ ਨੂੰ ਸਾਂਝਾ ਕਰਦਿਆਂ ਉਹਨਾਂ ਦੱਸਿਆ ਕਿ ਪੁਲਿਸ ਟੀਮਾਂ ਨੇ 1 ਮਾਰਚ, 2025 ਤੋਂ ਹੁਣ ਤੱਕ ਐਨਡੀਪੀਐਸ ਐਕਟ ਤਹਿਤ 4659 ਐਫਆਈਆਰ ਦਰਜ ਕਰਕੇ 1877 ਵੱਡੀਆਂ ਮੱਛੀਆਂ ਸਮੇਤ 7414 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 297 ਕਿਲੋਗ੍ਰਾਮ ਹੈਰੋਇਨ, 100 ਕੁਇੰਟਲ ਭੁੱਕੀ, 153 ਕਿਲੋਗ੍ਰਾਮ ਅਫੀਮ, 95 ਕਿਲੋਗ੍ਰਾਮ ਗਾਂਜਾ, 21.77 ਲੱਖ ਗੋਲੀਆਂ/ਕੈਪਸੂਲ ਅਤੇ 8.03 ਕਰੋੜ ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਕੁੱਲ ਗ੍ਰਿਫ਼ਤਾਰੀਆਂ ਵਿੱਚੋਂ, ਘੱਟੋ-ਘੱਟ 908 ਵਾਰ-ਵਾਰ ਟੀਚਾਗਤ ਅਤੇ ਪ੍ਰਭਾਵਸ਼ਾਲੀ ਸੀਏਐਸਓ ਕਾਰਵਾਈਆਂ ਦੌਰਾਨ 755 ਪਛਾਣੇ ਗਏ ਨਸ਼ਾ ਸਥਾਨਾਂ ਤੋਂ 1774 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਹੈ ਅਤੇ 1 ਮਾਰਚ, 2025 ਤੋਂ ਹੁਣ ਤੱਕ ਸਵੈ-ਰੱਖਿਆ ਵਿੱਚ ਪੁਲਿਸ ਟੀਮਾਂ ਦੁਆਰਾ ਕੀਤੀ ਗਈ ਜਵਾਬੀ ਗੋਲੀਬਾਰੀ ਵਿੱਚ 62 ਨਸ਼ਾ ਤਸਕਰ/ਗੈਂਗਸਟਰ ਜ਼ਖ਼ਮੀ ਹੋਏ ਹਨ।

### ਮਹੱਤਵਪੂਰਨ ਪ੍ਰੋਜੈਕਟ ਪ੍ਰਗਤੀ ਅਧੀਨ ਐਂਟੀ ਡਰੋਨ ਤਕਨਾਲੋਜੀ ਅਤੇ ਵਿਸ਼ੇਸ਼ ਐਨਡੀਪੀਐਸ ਅਦਾਲਤਾਂ

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਭਾਰਤ-ਪਾਕਿ ਸਰਹੱਦ 'ਤੇ ਐਂਟੀ-ਡਰੋਨ ਸਿਸਟਮ ਦੇ ਟਰਾਇਲ ਕੀਤੇ ਜਾਣ ਤੋਂ ਬਾਅਦ, ਪੰਜਾਬ ਸਰਕਾਰ ਇਸ ਸਾਲ ਸਤੰਬਰ ਜਾਂ ਅਕਤੂਬਰ ਤੱਕ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਡਰੋਨਾਂ ਨੂੰ ਠੱਲ੍ਹ ਪਾਉਣ ਲਈ ਇਹ ਉੱਨਤ ਸਿਸਟਮ ਸਥਾਪਤ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਉਨ੍ਹਾਂ ਕਿਹਾ ਕਿ 22.8 ਕਰੋੜ ਰੁਪਏ ਦੇ ਸਾਲਾਨਾ ਖਰਚੇ ਨਾਲ 30 ਵਿਸ਼ੇਸ਼ ਐਨਡੀਪੀਐਸ ਐਕਟ ਅਦਾਲਤਾਂ ਸਥਾਪਤ ਕਰਨ ਦਾ ਪ੍ਰਸਤਾਵ ਵੀ ਸੂਬਾ ਸਰਕਾਰ ਦੇ ਵਿਚਾਰ ਅਧੀਨ ਹੈ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸੈਲ ਐਡ ਫਿਕਸ

ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

Visions of Punjab

VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host

Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ

ਹਰਜੀਤ ਧਨੋਆ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented.
looking for a professionally qualified, well-settled Sikh Jatt boy from a respectable family, preferably residing in Canada.
**Contact: +1 306 302 9009**

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਪਹਿਲਗਾਮ ਦੁਖਾਂਤ ਅਤੇ ਦੋ ਗਵਾਂਢੀ ਦੇਸ਼ਾਂ ਦੇ ਟਕਰਾਅ ਦੀ ਚਰਚਾ ਤੋਂ ਉੱਠਦੇ ਸਵਾਲ



ਜਤਿੰਦਰ ਪਨੂੰ ਦੀ ਕਲਮ ਤੋਂ

ਭਾਰਤ ਦੇ ਲੋਕ ਇਸ ਵਕਤ ਦੁਖੀ ਹਨ, ਸਿਰਫ ਭਾਰਤ ਦੇ ਨਹੀਂ, ਗਵਾਂਢੀ ਪਾਕਿਸਤਾਨ ਦੇ ਲੋਕ ਵੀ ਸੁਖਾਲੇ ਨਹੀਂ ਹੋ ਸਕਦੇ।

ਜੋ ਕੁਝ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਪਿਛਲੇ ਦਿਨੀਂ ਵਾਪਰਿਆ ਹੈ, ਉਹ ਕਿਸੇ ਦੇ ਖਿਆਲ ਵਿੱਚ ਵੀ ਸ਼ਾਇਦ ਨਹੀਂ ਹੋਵੇਗਾ, ਸਿਰਫ ਕੁਝ ਕਾਤਲ ਜਾਂ ਉਨ੍ਹਾਂ ਪਿੱਛੇ ਖੜੇ ਕੁਝ ਸਾਜ਼ਿਸ਼ ਘੜਨ ਵਾਲੇ ਚਿਹਰੇ ਇਸ ਬਾਰੇ ਜਾਣਦੇ ਹੋਣਗੇ, ਪਰ ਜਦੋਂ ਵਾਪਰ ਗਿਆ ਤਾਂ ਇਸ ਨਾਲ ਫੈਲਣ ਵਾਲੀ ਦਹਿਸ਼ਤ ਤੇ ਸਨਸਨੀ ਦੁਨੀਆ ਭਰ ਦੇ ਲੋਕਾਂ ਨੇ ਮਹਿਸੂਸ ਕੀਤੀ ਹੈ। ਇਸ ਨਾਲ ਭਾਰਤ ਵਿੱਚ ਜਿੱਦਾਂ ਦਾ ਮਾਹੌਲ ਬਣਿਆ ਅਤੇ ਜਿਵੇਂ ਬਦਲਾ ਲੈਣ ਲਈ ਸਰਕਾਰ ਉੱਪਰ ਦਬਾਅ ਪੈਂਦਾ ਮੀਡੀਏ ਵਿੱਚ ਮਹਿਸੂਸ ਕੀਤਾ ਗਿਆ, ਇਸ ਨਾਲ ਪਾਕਿਸਤਾਨ ਵਿਚਲੇ ਆਮ ਲੋਕ ਵੀ ਇੱਕ ਹੋਰ ਜੰਗ ਲੱਗ ਜਾਣ ਦੇ ਸਹਿਮ ਹੇਠ ਆਉਣੇ ਸੁਭਾਵਕ ਸਨ ਅਤੇ ਆਏ ਹੋਣ ਦੀਆਂ ਖਬਰਾਂ ਵੀ ਹਨ। ਇਸ ਲਈ ਦੋਵਾਂ ਦੇਸ਼ਾਂ ਵਿੱਚ ਆਮ ਲੋਕ ਦੁਖੀ ਹਨ। ਕਿਸੇ ਵੀ ਹੋਰ ਗੱਲ ਤੋਂ ਪਹਿਲਾਂ ਭਾਰਤੀ ਲੋਕਾਂ ਦੀ ਮਾਨਸਿਕਤਾ ਮਾਰੇ ਜਾਣ ਵਾਲਿਆਂ ਦੇ ਪਰਵਾਰਾਂ ਨਾਲ ਸਭ ਦੀ ਹਮਦਰਦੀ ਵਾਲੀ ਹੈ ਅਤੇ ਇਸ ਮਗਰੋਂ ਬਹਿਸ ਦੇ ਕਈ ਪੱਖ ਚੱਲ ਪੈਂਦੇ ਹਨ, ਜਿਨ੍ਹਾਂ ਵਿੱਚੋਂ ਭਾਰਤ ਸਰਕਾਰ ਦੇ ਨਾਲ ਜਾਂ ਵਿਰੋਧ ਵਿੱਚ ਖੜੋਣ ਦੀ ਝਲਕ ਮਿਲਣ ਲੱਗ ਜਾਂਦੀ ਹੈ। ਏਥੇ ਆਣ ਕੇ ਇੱਕਮੁੱਠਤਾ ਖਿੱਲਰਨ ਲੱਗਦੀ ਹੈ।

ਪਹਿਲੀ ਗੱਲ ਇਹ ਕਿ ਏਦਾਂ ਦੇ ਦੁਖਾਂਤ ਦੇ ਜੋ ਵੀ ਅਰਥ ਕੋਈ ਕੱਢਦਾ ਰਹੇ, ਕਾਤਲਾਂ ਨੇ ਜਿਹੋ ਜਿਹੀ ਸੋਚ ਨਾਲ ਹਮਲਾ ਕੀਤਾ ਸੀ, ਕਿ ਭਾਰਤੀ ਲੋਕ ਉੱਬਲ ਪੈਣ, ਉਨ੍ਹਾਂ ਦੀ ਇਹ ਸੋਚਣੀ ਅਮਲ ਵਿੱਚ ਸਹੀ ਸਾਬਤ ਹੁੰਦੀ ਲੱਗਦੀ ਹੈ ਤੇ ਭਾਰਤੀ ਲੋਕ ਨਾ ਸਿਰਫ ਉੱਬਲ ਰਹੇ ਹਨ, ਸਗੋਂ ਮੌਕੇ ਦੀ ਸਰਕਾਰ ਤੋਂ ਛੇਤੀ ਕੁਝ ਕਰਨ ਦੀ ਝਾਕ ਰੱਖਦੇ ਹਨ। ਏਦਾਂ ਦੇ ਵਕਤ ਰਾਜਨੀਤੀ ਲਾਂਭੇ ਰਹਿਣੀ ਚਾਹੀਦੀ ਹੈ, ਪਰ ਬਿਆਨਾਂ ਤੇ ਮੀਡੀਆ ਰਿਪੋਰਟਾਂਵਿੱਚਜਦੋਂ ਰਾਜਨੀਤੀ ਆਪੋ-ਆਪਣੀ ਤੁਣਤੁਣੀ ਵਜਾਉਣ ਦਾ ਪਰਦਾ ਚੁੱਕ ਦੇਂਦੀ ਹੈ, ਓਦੋਂ ਕਈ ਕੁਝ ਹੋਰ ਚਰਚਾ ਹੇਠ ਆ ਜਾਂਦਾ ਹੈ। ਦੇਸ਼ ਦੀ ਸਰਕਾਰ ਅਤੇ ਇਸ ਦਾ ਮੁਖੀ ਚਾਹੁੰਦੇ ਹਨ ਕਿ ਸਾਰਾ ਦੇਸ਼ ਇੱਕ ਸੁਰ ਵਿੱਚ ਕਹੇ ਕਿ ਅਸੀਂ ਇਕੱਠੇ ਹਾਂ, ਪਰ ਚਾਹੁਣ ਦੀ ਗੱਲ ਤੋਂ ਅੱਗੇ ਵਧ ਕੇ ਵੇਖੋ ਤਾਂ ਏਦਾਂ ਦੇ ਵਕਤ ਦੇਸ਼ ਵਾਸੀਆਂ ਨੂੰ ਇੱਕ ਸੁਰ ਕਰਨ ਦੀ ਜ਼ਿਮੇਵਾਰੀ ਵੀ ਸਭ ਤੋਂ ਵੱਧ ਦੇਸ਼ ਦੀ ਸਰਕਾਰ ਦੀ ਹੁੰਦੀ ਹੈ। ਉਸ ਨੂੰ ਚਾਹੀਦਾ ਹੈ ਕਿ ਆਪਣੇ ਲੋਕਾਂ ਨੂੰ ਜ਼ਬਤ ਵਿੱਚ ਰਹਿਣ ਲਈ ਕਹੇ, ਤਾਂ ਜੋ ਕਿਸੇ ਵੀ ਹੋਰ ਨੂੰ ਵੱਖਰੀ ਸੁਰ ਕੱਢਣ ਤੋਂ ਪਹਿਲਾਂ ਸੌ ਵਾਰ ਸੋਚਣਾ ਪਵੇ, ਪਰ ਹਰ ਵਾਰੀ ਵਾਂਗ ਇਸ ਵਾਰੀ ਫਿਰ ਇਹ ਹੋਇਆ ਹੈ ਕਿ ਰਾਜ ਕਰਦੀ ਧਿਰ ਦੇ ਲੋਕਾਂ ਨੇ ਹੀ ਇਸ ਦੁਖਾਂਤ ਨੂੰ ਰਾਜਨੀਤਕ ਚਾਂਦਮਾਰੀ ਲਈ ਵਰਤਣ ਦਾ ਮੋਰਚਾ ਗਰਮ ਕਰ ਦਿੱਤਾ। ਲਾਸ਼ਾਂ ਅਜੇ ਚੁੱਕੀਆਂ ਨਹੀਂ ਸਨ ਗਈਆਂ ਕਿ ਰਾਜ ਕਰਦੀ ਧਿਰ ਦੇ ਲੋਕਾਂ ਨੇ ਸੋਸ਼ਲ ਮੀਡੀਆ ਉੱਤੇ ਇਹ ਮਿਹਣਾ ਦੇਣਾ ਸ਼ੁਰੂ ਕਰ ਦਿੱਤਾ ਕਿ 'ਧਰਮ ਪੁੱਛ ਕੇ ਗੋਲੀਆਂ ਮਾਰੀਆਂ ਹਨ, ਕਿਸੇ ਨੇ ਜਾਤ ਨਹੀਂ ਸੀ ਪੁੱਛੀ।' ਇਹ ਕਹਿਣ ਦਾ ਭਾਵ ਵਿਰੋਧੀ ਧਿਰ ਨੂੰ ਇਹ ਮਿਹਣਾ ਦੇਣਾ ਸੀ ਕਿ ਤੁਸੀਂ ਭਾਰਤ ਵਿੱਚ ਜਾਤਾਂ ਦੇ ਆਧਾਰ ਉੱਤੇ ਜਨ-ਗਣਨਾ ਦੀ ਦੁਹਾਈ ਦੇਂਦੇ ਹੋ, ਲੜਾਈ ਤਾਂ ਅੱਤਵਾਦੀਆਂ ਨਾਲ ਧਰਮ ਦੇ ਆਧਾਰ ਉੱਤੇ ਹੈ। ਇਹ ਗੱਲਾਂ ਪਾਟਕ ਪਾ ਸਕਦੀਆਂ ਤੇ ਵਧਾ ਸਕਦੀਆਂ ਹਨ।



ਦੂਸਰਾ ਮਾਮਲਾ ਇਹ ਚੁੱਕਿਆ ਗਿਆ ਕਿ ਕਸ਼ਮੀਰੀ 'ਲੋਕ ਖਾਂਦੇ ਏਧਰ ਦਾ ਤੇ ਗਾਉਂਦੇ ਓਧਰ ਦਾ' ਹਨ, ਸਬਕ ਸਿਖਾਉਣਾ ਹੈ ਤਾਂ ਇਨ੍ਹਾਂ ਦਾ ਮਾਲ ਖਰੀਦਣਾ ਬੰਦ ਕਰ ਦਿੱਤਾ ਜਾਵੇ, ਤਾਂ ਕਿ ਇਨ੍ਹਾਂ ਨੂੰ ਅਕਲ ਆ ਜਾਵੇ। ਅਸਲੋਂ ਬੇਹੂਦਾ ਇਹ ਗੱਲ ਇੱਕ ਮੁੱਖ ਮੰਤਰੀ ਨੇ ਜਨਤਕ ਰੋਸ ਪ੍ਰਦਰਸ਼ਨ ਵਿੱਚ ਕਹੀ, ਪਰ ਇਹ ਗੱਲ ਭੁੱਲ ਗਿਆ ਕਿ ਕੇਂਦਰ ਸਰਕਾਰ ਨੂੰ ਉਸ ਦੀ ਆਪਣੀ ਪਾਰਟੀ ਚਲਾਉਂਦੀ ਹੈ ਅਤੇ ਉਸ ਵਿੱਚ ਇੱਕ ਕਸ਼ਮੀਰੀਮੰਤਰੀ ਵੀਹੈ। ਜਦੋਂ ਸਾਰੇ ਕਸ਼ਮੀਰੀ ਲੋਕਾਂ ਨੂੰ ਸਬਕ ਸਿਖਾਉਣ ਦੀ ਗੱਲ ਚੱਲਦੀ ਹੈ, ਉਨ੍ਹਾਂ ਨੂੰ ਦੁਸ਼ਮਣ ਵਜੋਂ ਪੇਸ਼ ਕੀਤਾ ਜਾਂਦਾ ਹੈ ਤਾਂ ਉਨ੍ਹਾਂ ਵਿੱਚ ਕੇਂਦਰੀ ਮੰਤਰੀ ਵੀ ਆਪਣੇ ਆਪ ਸ਼ਾਮਲ ਹੋ ਜਾਂਦਾ ਹੈ, ਪਰ ਉਸ ਭਾਜਪਾਈ ਮੁੱਖ ਮੰਤਰੀ ਨੂੰ ਇਸ ਦੀ ਪ੍ਰਵਾਹ ਨਹੀਂ ਸੀ ਜਾਪਦੀ। ਕੇਂਦਰ ਵਿੱਚ ਰਾਜ ਕਰਦੀ ਪਾਰਟੀ ਤੋਂ ਆਸ ਇਹ ਰੱਖੀ ਜਾਂਦੀ ਹੈ ਕਿ ਉਹ ਆਪਣੇ ਬੰਦਿਆਂ ਨੂੰ ਜ਼ਬਤ ਵਿੱਚ ਰਹਿਣਾ ਸਿਖਾਵੇਗੀ, ਪਰ ਆਮ ਵਰਕਰਾਂ ਨੂੰ ਕਿਤੇ ਰਿਹਾ, ਭਾਜਪਾ ਦੇ ਮੁੱਖ ਮੰਤਰੀ ਵੀ ਬਦ-ਜ਼ਬਾਨੀ ਦੀ ਹੱਦ ਕਰ ਜਾਂਦੇ ਹਨ। ਏਦੂੰ ਹੋਰ ਅੱਗੇ ਵਧ ਕੇ ਕਸ਼ਮੀਰੀ ਮੁਸਲਮਾਨਾਂ ਉੱਤੇ ਧਾਰਮਿਕ ਪੱਖੋਂ ਹਮਲਾ ਕੀਤਾ ਜਾ ਰਿਹਾ ਹੈ, ਪਰ ਓਥੇ ਗਏ ਅਤੇ ਇਸ ਹਮਲੇ ਵਿੱਚ ਜਿੰਦਾ ਬਚ ਗਏ ਲੋਕਾਂ ਦੀਆਂ ਇਹ ਗੱਲਾਂ ਅੱਖੋਂ ਪਰੋਖੇ ਕੀਤੀਆਂ ਜਾ ਰਹੀਆਂ ਹਨ ਕਿ ਔਖੀ ਘੜੀ ਮੁਸਲਮਾਨਾਂ ਨੇ ਆਪਣੇ ਮੋਢਿਆਂ ਉੱਤੇ ਚੁੱਕ ਕੇ ਜ਼ਖਮੀਆਂ ਨੂੰ ਹਸਪਤਾਲ ਵੀ ਪੁਚਾਇਆ ਤੇ ਆਪਣੇ ਘਰੀਂ ਪਨਾਹ ਵੀ ਦਿੱਤੀ ਸੀ। ਹਮਲਾਵਰਾਂ ਦੇ ਨਾਲ ਭਿੜਦਾ ਆਦਿਲ ਨਾਂਅ ਦਾ ਜਿਹੜਾ ਨੌਜਵਾਨ ਉਨ੍ਹਾਂ ਦੀ ਗੋਲੀ ਨਾਲ ਮਾਰਿਆ ਗਿਆ, ਉਹ ਵੀ ਮੁਸਲਮਾਨ ਸੀਅਤੇ ਇਸ ਘਟਨਾ ਦੇ ਅਗਲੇ ਦਿਨ ਝੀਲ ਵਿਚਲੇ ਸ਼ਿਕਾਰਿਆਂ ਦੇ ਮਲਾਹਾਂ ਨੇ ਆਪਣੀਆਂ ਕਿਸ਼ਤੀਆਂ ਉੱਤੇ ਅੱਤਵਾਦ ਵਿਰੋਧੀ ਬੈਨਰ ਲਾ ਦਿੱਤੇ ਅਤੇ ਉਸ ਰਾਜ ਵਿੱਚ ਜਾਨ ਦਾ ਖਤਰਾ ਮੁੱਲ ਲੈ ਕੇ ਐਲਾਨ ਕੀਤਾ ਕਿ ਉਹ ਦੇਸ਼ ਨਾਲ ਖੜੇ ਹਨ। ਇਹ ਸਭ ਕੁਝ ਭੁਲਾ ਕੇ ਜਿਵੇਂ ਇੱਕ ਭਾਈਚਾਰੇ ਵਿਰੁੱਧ ਜ਼ਹਿਰ ਉਗਲੱਛਣ ਦਾ ਕੰਮ ਕੀਤਾ ਜਾ ਰਿਹਾ ਸੀ, ਇਹ ਸਰਕਾਰਨੂੰ ਰੋਕਣਾ ਚਾਹੀਦਾ ਸੀ, ਪਰ ਰੋਕਣ ਦੀ ਕੋਈ ਕੋਸ਼ਿਸ਼ ਹੋਈ ਹੋਵੇ, ਇਸ ਬਾਰੇ ਕੋਈ ਨਹੀਂ ਜਾਣਦਾ।

ਤੀਸਰਾ ਹਮਲਾ ਇੱਕ ਰਾਜ ਦੀ ਭਾਜਪਾ ਦੇ ਆਪਣੇ ਸੋਸ਼ਲ ਮੀਡੀਆ ਹੈਂਡਲ ਤੋਂ ਰਾਹੁਲ ਗਾਂਧੀ ਖਿਲਾਫ ਇਹ ਕਰ ਦਿੱਤਾ ਗਿਆ ਕਿ ਉਹ ਇਸ ਹਮਲੇ ਦੇ ਵਕਤ ਵਿਦੇਸ਼ ਵਿੱਚ ਸੀ ਅਤੇ ਜਦੋਂ ਵੀ ਉਹ ਵਿਦੇਸ਼ ਜਾਵੇ, ਕੁਝ ਨਾ ਕੁਝ ਵਾਪਰ ਜਾਂਦਾ ਹੈ। ਹਮਲਾ ਕਰਨ ਵਾਲੀ ਸੋਸ਼ਲ ਮੀਡੀਆ ਟੀਮ ਨੇ ਇਹ ਨਹੀਂ ਸੋਚਿਆ ਕਿ ਇਕੱਲਾ ਰਾਹੁਲ ਗਾਂਧੀ ਨਹੀਂ, ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੀ ਇਸ ਹਮਲੇ ਵੇਲੇ ਵਿਦੇਸ਼ ਵਿੱਚ ਸਾਊਦੀ ਅਰਬ ਗਏ ਹੋਏ ਸਨ ਅਤੇ ਦੋਵੇਂ ਨੇਤਾ ਇੱਕ ਸਾਊਦੀ ਅਰਬ ਤੋਂ ਅਤੇ ਦੂਸਰਾ ਅਮਰੀਕਾ ਤੋਂ ਖੜੇ ਪੈਰ ਭਾਰਤ ਵਾਪਸ ਆਏ ਸਨ। ਏਦਾਂ ਦੇ ਹਮਲਾਵਰ ਰੁਖ ਦੇ ਨਾਲ ਇਹ ਲੀਡਰਸ਼ਿਪ ਦੇਸ਼ ਦਾ ਭਲਾ ਨਹੀਂ ਕਰਦੀ, ਉਲਟਾ ਔਖ ਦੇਸਮੇਂ ਵਿੱਚ ਏਕਤਾ ਦੇ ਰਾਹ ਵਿੱਚ ਕੰਡੇ ਵਿਛਾ ਰਹੀ ਹੈ। ਇਹ ਭਾਰਤ ਦੀ ਰਿਵਾਇਤ ਨਹੀਂ। ਬੰਗਲਾ ਦੇਸ਼ ਦੀ ਜੰਗ ਹੋਵੇ ਜਾਂ ਕਾਰਗਿਲ ਦੀ, ਭਾਰਤ ਦੀ ਸਾਰੀ ਵਿਰੋਧੀ ਧਿਰ ਅਤੇ ਸਾਰੇ ਲੋਕ ਹਰ ਵਾਰੀ ਦੇਸ਼ ਦੀ ਸਰਕਾਰ ਦੇ ਨਾਲ ਇੱਕ-ਸੁਰ ਰਹੇ ਹਨ ਅਤੇ ਰਹਿਣੇ ਵੀ ਚਾਹੀਦੇ ਹਨ।

ਭਾਰਤੀ ਲੋਕ ਇਸ ਸੰਕਟ ਦੀ ਘੜੀ ਇਕੱਠੇ ਹਨ, ਆਪਣੀ ਸਰਕਾਰ ਦੇ ਨਾਲ ਵੀ ਹਨ, ਪਰ ਉਹ ਇਹ ਗੱਲ ਪੁੱਛ ਸਕਦੇ ਹਨ ਕਿ ਜਿਹੜੇ ਬਿਆਨ ਦਾਗੇ ਜਾ ਰਹੇ ਹਨ, ਕੀ ਉਹ ਅਮਲ ਵਿੱਚ ਆਉਣ ਵਾਲੇ ਵੀ ਹਨ? ਪਿਛਲੇ ਸਮੇਂ ਦੌਰਾਨ ਇਹ ਗੱਲ ਕਿੰਨੀ ਵਾਰ ਕਹੀ ਗਈ ਕਿ ਅਸੀਂ ਪਾਕਿਸਤਾਨ ਨਾਲ ਹੋਇਆ ਸਿੰਧ ਨਦੀ ਦੇ ਪਾਣੀਆਂ ਦਾ ਸਮਝੌਤਾ ਤੋੜ ਦੇਣਾ ਹੈ, ਪਰ ਤੋੜ ਕੇ ਕਰਨਾ ਕੀ ਹੈ, ਇਸ ਦੀ ਕੋਈ ਯੋਜਨਾਬੰਦੀ ਤਾਂ ਅਮਲ ਵਿੱਚ ਦਿੱਸਦੀ ਨਹੀਂ। ਅਸੀਂ ਜਾਣਦੇ ਹਾਂ ਕਿ ਇਹ ਸਮਝੌਤਾ ਤੋੜਿਆ ਤਾਂ ਪਾਕਿਸਤਾਨ ਨੂੰ ਪਾਣੀ ਮਿਲਣਾ ਬੰਦ ਹੋ ਸਕਦਾ ਹੈ, ਪਰ ਸਮਝੌਤਾ ਬੇਸ਼ੱਕ ਟੁੱਟ ਜਾਵੇ, ਪਾਣੀ ਰੋਕ ਲੈਣ ਵਾਲਾ ਕੰਮ ਅਮਲ ਵਿੱਚ ਏਨਾ ਸੌਖਾ ਨਹੀਂ। ਉਸ ਸਮਝੌਤੇ ਮੁਤਾਬਕ ਸਿੰਧ, ਜੇਹਲਮ ਅਤੇ ਜਨਾਬ ਤਿੰਨ ਦਰਿਆਵਾਂ ਦਾ ਪਾਣੀ ਪਾਕਿ-ਸਤਾਨ ਨੂੰ ਦਿੱਤਾ ਗਿਆਅਤੇ ਰਾਵੀ, ਬਿਆਸ ਅਤੇ ਸਤਲੁਜ ਦਾ ਪਾਣੀ ਭਾਰਤ ਹਿੱਸੇ ਆਇਆ ਸੀ, ਅਸੀਂ ਅੱਜ ਤੱਕ ਇਨ੍ਹਾਂ ਤਿੰਨ ਦਰਿਆਵਾਂ ਦਾ ਪੂਰਾ ਪਾਣੀ ਉਸ ਪਾਸੇ ਜਾਂਦਾ ਨਹੀਂ ਰੋਕ ਸਕੇ। ਪਠਾਨਕੋਟ ਜ਼ਿਲੇ ਵਿਚਲੇ ਮਾਧੋਪੁਰ ਹੈੱਡਵਰਕਸ ਤੋਂ ਏਨੇ ਪ੍ਰਬੰਧਾਂ ਦੇ ਬਾਵਜੂਦ ਪਾਣੀ ਅੱਗੇ ਲੰਘੀ ਜਾਂਦਾ ਹੈ, ਅਸੀਂ ਪੂਰਾ ਨਹੀਂ ਰੋਕ ਸਕੇ। ਤਰਨ ਤਾਰਨ ਤੇ ਫਿਰੋਜ਼ਪੁਰ ਵਿਚਾਲੇ ਹਰੀਕੇ ਹੈੱਡਵਰਕਸ ਵਾਲੀ ਝੀਲ ਵਿੱਚ ਜਦੋਂ ਬਿਆਸ ਅਤੇ ਸਤਲੁਜ ਦੇ ਪਾਣੀ ਰੋਕ ਕੇ ਓਥੋਂ ਮਾਲਵੇ ਤੇ ਰਾਜਸਥਾਨ ਲਈ ਨਹਿਰਾਂ ਚਲਾ ਰੱਖੀਆਂ ਹਨ, ਇਸ ਦੇ ਬਾਵਜੂਦ ਓਥੋਂ ਵੀ ਕੁਝ ਪਾਣੀ ਅੱਗੇ ਲੰਘ ਜਾਂਦਾ ਹੈ ਅਤੇ ਫਿਰ ਹੁਸੈਨੀਵਾਲਾ ਵਿਖੇ ਅਗਲੇ ਹੈੱਡਵਰਕਸ ਉੱਤੇ ਰੋਕ ਕੇ ਵੀ ਸਾਰਾ ਨਹੀਂ ਰੋਕਿਆ ਜਾ ਸਕਦਾ। ਓਥੋਂ ਅਗਾਂਹ ਵਗਦਾ ਪਾਣੀ ਕਈ ਕਿਲੋਮੀਟਰ ਅੱਗੇ ਜਾ ਕੇ ਪਾਕਿਸਤਾਨ ਵੱਲੋਂ ਬਣਾਏ ਸੁਲੇਮਾਨਕੀ ਹੈੱਡਵਰਕਸ ਵਿਖੇ ਇਕੱਠਾ ਕਰਨ ਅਤੇ ਖੇਤਾਂ ਨੂੰ ਭੇਜਣ ਦਾ ਪ੍ਰਬੰਧ ਉਹ ਦੇਸ਼ ਕਰੀ ਜਾਂਦਾ ਹੈ। ਜਦੋਂ ਅਸੀਂ ਆਪਣੇ ਹਿੱਸੇ ਦੇ ਤਿੰਨ ਦਰਿਆਵਾਂ ਵਾਲਾ ਪਾਣੀ ਪੌਣੀ ਸਦੀ ਲੰਘ ਜਾਣ ਦੇ ਬਾਅਦ ਅੱਜ ਤੱਕ ਨਹੀਂ ਰੋਕ ਸਕੇ ਤਾਂ ਸਿੰਧ, ਜੇਹਲਮਅਤੇ ਚਨਾਬ ਦੇ ਪਾਣੀ ਰਾਤੋ-ਰਾਤ ਰੋਕ ਦੇਣ ਦੇ ਪ੍ਰਬੰਧ ਕਿਸ ਤਰ੍ਹਾਂ ਹੋ ਜਾਣਗੇ, ਇਹ ਸਮਝ ਤੋਂ ਬਾਹਰ ਹੈ। ਅਮਲ ਦੀ ਗੱਲ ਪਹਿਲਾਂ ਸੋਚ ਲੈਣੀ ਚਾਹੀਦੀ ਹੈ।

ਅਗਲਾ ਤੇ ਆਖਰੀ ਪੱਖ ਕਿਸੇ ਵੀ ਸੰਕਟ ਨਾਲ ਸਿੱਝਣ ਲਈ ਮੌਕੇ ਦੀ ਸਰਕਾਰ ਦੀ ਕਿਸੇ ਲਗਾਤਾਰਤਾ ਦੇ ਨਾਲ ਜੁੜਿਆ ਹੁੰਦਾ ਹੈ। ਭਾਰਤ ਦੀ ਵਿਦੇਸ਼ ਨੀਤੀ ਵੀ ਆਮ ਕਰ ਕੇ ਅਤੇ ਪਾਕਿਸਤਾਨ ਵੱਲ ਨੀਤੀ ਖਾਸ ਕਰ ਕੇ ਪਿਛਲੇ ਸਾਰੇ ਸਮੇਂ ਵਿੱਚ ਕਦੀ ਇੱਕ-ਸਾਰ ਨਹੀਂ ਰਹੀ, ਬਲਕਿ ਕਈ ਵਾਰੀ ਜਾਪਣ ਲੱਗ ਪੈਂਦਾ ਹੈ ਕਿ ਬਾਕਾਇਦਾ ਨੀਤੀ ਕਦੇ ਬਣਾਈ ਵੀ ਹੈ ਜਾਂ ਡੰਗ-ਟਪਾਊ ਅਤੇ ਲੀਡਰ ਦੀ ਮਰਜ਼ੀ ਮੁਤਾਬਕ ਚੱਲਦੀ ਰਹਿੰਦੀ ਹੈ। ਪਹਿਲਾਂ ਸਾਡੇ ਆਗੂ ਐਲਾਨ ਕਰਦੇ ਹਨ ਕਿ ਪਾਕਿਸਤਾਨ ਨਾਲ ਕੋਈ ਸੰਬੰਧ ਨਹੀਂ ਰੱਖਣੇ, ਫਿਰ ਪਾਕਿ-ਸਤਾਨ ਦੇ ਲੀਡਰਾਂ ਨੂੰ ਸੱਦੇ ਦੇਣ ਲੱਗਦੇ ਹਨ ਜਾਂ ਦੂਸਰੇ ਦੇਸ਼ ਤੋਂ ਮੁੜਦੇ ਵਕਤ ਕਿਸੇ ਅਗੇਤੇ ਸੱਦੇ ਤੋਂ ਬਿਨਾਂ ਹੀ ਰਾਹ ਵਿੱਚ ਜਹਾਜ਼ ਉਤਾਰ ਕੇ ਓਥੋਂ ਦੇ ਪ੍ਰਧਾਨ ਮੰਤਰੀ ਨਾਲ ਮਿਲਣ ਨਿਕਲ ਪੈਂਦੇ ਹਨ।ਇਹ ਕਿਸੇ ਠੋਸ ਨੀਤੀ ਦਾ ਪ੍ਰਗਟਾਵਾ ਨਹੀਂ ਬਣ ਸਕਦਾ। ਨੀਤੀਆਂ ਜੋ ਵੀ ਹੋਣ, ਲਗਾਤਾਰਤਾ ਦੀ ਲੋੜ ਸਭ ਤੋਂ ਵੱਧ ਹੁੰਦੀ ਹੈ, ਤਾਂ ਕਿ ਬਾਕੀ ਲੋਕ ਵੀ ਉਸ ਨੀਤੀ ਮੁਤਾਬਕ ਚੱਲਦੇ ਰਹਿ ਸਕਣ।

ਹਾਲਾਤ ਦੀ ਵਿਆਖਿਆ ਕਰਨ ਵਾਲੇ ਬਹੁਤ ਸਾਰੇ ਲੋਕ ਕਹੀ ਜਾਂਦੇ ਹਨ ਕਿ ਜੰਗ ਲੱਗ ਕੇ ਰਹੇਗੀ, ਪਰ ਪਿਛਲਾ ਤਜਰਬਾ ਕਿਸੇ ਵੀ ਹੋਰ ਤੋਂ ਵੱਧ ਅਟਲ ਬਿਹਾਰੀ ਵਾਜਪਾਈ ਦੇ ਪੈਂਤੜੇ ਦੀ ਪੁਸ਼ਟੀ ਕਰਦਾ ਹੈ। ਇੱਕ ਵਾਰ ਫੌਜਾਂ ਦੇਸ਼ ਦੇ ਬਾਰਡਰ ਉੱਤੇ ਜਾਣ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚਉਨ੍ਹਾਂ ਨੇ ਕਿਹਾ ਸੀ ਕਿ ਜਦ ਬੱਦਲ ਗੱਜਦੇ ਹਨ, ਬਿਜਲੀ ਚਮਕਦੀ ਹੈ ਤਾਂ ਅੱਗੋਂ ਜੋ ਹੁੰਦਾ ਹੈ, ਸਭ ਨੂੰ ਪਤਾ ਹੈ। ਫਿਰ ਤਨਾਅ ਘਟ ਗਿਆ ਤਾਂ ਇਹੋ ਸਵਾਲ ਦੁਹਰਾਉਣ ਉੱਤੇ ਉਨ੍ਹਾਂ ਨੇ ਕਿਹਾ ਸੀ ਕਿ ਹਰ ਗੱਲ ਜ਼ਰੂਰੀ ਨਹੀਂ ਹੁੰਦੀ, ਕਈ ਵਾਰੀ ਬੱਦਲ ਗੱਜਦੇ ਹਨ, ਬਿਜਲੀ ਵੀ ਚਮਕਦੀ ਹੈ, ਪਰ ਬਾਅਦ ਵਿੱਚ ਕੁਝ ਵੀ ਨਹੀਂ ਹੁੰਦਾ, ਹਵਾ ਆਣ ਕੇ ਬੱਦਲ ਉਡਾ ਕੇ ਲੈ ਜਾਂਦੀ ਹੈ। ਏਦਾਂ ਕਈ ਵਾਰੀ ਹੁੰਦਾ ਰਿਹਾ ਹੈ। ਪਾਕਿ-ਸਤਾਨ ਦੇ ਫੌਜੀ ਰਾਸ਼ਟਰਪਤੀ ਜਨਰਲ ਜ਼ਿਆ ਉਲ ਹੱਕ ਜਦੋਂ ਕ੍ਰਿਕਟ ਮੈਚ ਦੇ ਬਹਾਨੇ ਭਾਰਤ ਆਏ ਤਾਂ ਭਾਰਤੀ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਗੈਲਰੀ ਵਿੱਚੋਂ ਉਠਾ ਕੇ ਪਰੇ ਲਿਜਾ ਕੇ ਕੰਨ ਵਿੱਚ ਕਹਿ ਗਏ ਸੀ ਕਿ ਪਾਕਿਸਤਾਨ ਕੋਲ ਐਟਮ ਬੰਬ ਵੀ ਹੈ, ਉਸ ਦੇ ਇਹ ਕਹਿਣ ਨੂੰ ਧਮਕੀ ਸਮਝਿਆ ਗਿਆ ਅਤੇ ਜੰਗ ਬਾਰੇ ਚਰਚਾ ਛਿੜ ਗਈ ਸੀ। ਦੋਵਾਂ ਦੇਸ਼ਾਂ ਦੀਆਂ ਫੌਜਾਂ ਬਾਰਡਰਾਂ ਉੱਤੇ ਪਹੁੰਚ ਕੇ ਤੋਪਾਂ ਬੀੜਨ ਲੱਗ ਪਈਆਂ ਸਨ, ਪਰ ਬਾਅਦ ਵਿੱਚ ਕੁਝ ਵੀ ਨਹੀਂ ਸੀ ਹੋਇਆ ਅਤੇ ਵੱਡੀਆਂ ਤਾਕਤਾਂ ਦੇ ਦਖਲ ਨਾਲ ਦੋਵਾਂ ਦੇਸ਼ਾਂ ਦੀਆਂ ਫੌਜਾਂ ਆਪੋ ਆਪਣੀਆਂ ਬੈਰਕਾਂ ਵਿੱਚ ਮੁੜ ਆਈਆਂ ਸਨ। ਪੁਲਵਾਮਾ ਵਰਗੇ ਅੱਤਵਾਦੀ ਹਮਲੇ ਦੇ ਵਕਤ ਵੀ ਇਹੋ ਚਰਚਾ ਚੱਲੀ ਤੇ ਜਦੋਂ ਭਾਰਤ ਨੇ ਸਰਜੀਕਲ ਸਟਰਾਈਕ ਕੀਤੀ ਤਾਂ ਉਸ ਨਾਲ ਵੀ ਜੰਗ ਛਿੜ ਜਾਣ ਵਾਲੀ ਚਰਚਾ ਚੱਲੀ ਸੀ, ਪਰ ਬਾਅਦ ਵਿੱਚ ਸਭ ਕੁਝ ਆਮ ਵਰਗਾਂ ਹੋ ਗਿਆ ਸੀ। ਇਸ ਵਕਤ ਫਿਰ ਜਿੱਦਾਂ ਦੇ ਹਾਲਾਤ ਬਣਦੇ ਪਏ ਹਨ, ਚਰਚਾ ਕਈ ਤਰ੍ਹਾਂ ਦੀ ਚੱਲਦੀ ਪਈ ਹੈ, ਪਰ ਹਰ ਗੱਲ ਹੋਣੀ ਜ਼ਰੂਰੀ ਨਹੀਂ ਹੁੰਦੀ।

ਸਿਰਫ ਇਹੋ ਨਹੀਂ ਕਿ ਇਹੋ ਜਿਹੀ ਚਰਚਾ ਮੁਤਾਬਕ ਕੁਝ ਵਾਪਰਨਾ ਜ਼ਰੂਰੀ ਹੁੰਦਾ ਹੈ ਜਾਂ ਨਹੀਂ, ਸਗੋਂ ਭਾਰਤ ਤੇ ਪਾਕਿਸਤਾਨ ਦੇ ਆਮ ਲੋਕਾਂ ਦੇ ਮਨਾਂ ਦੀ ਇੱਛਾ ਵੀ ਹੈ ਕਿ ਅੱਤਵਾਦ ਨਾਲ ਸਿੱਝਿਆ ਜਾਵੇ ਅਤੇ ਇਸ ਵਿੱਚ ਕੋਈ ਕਸਰ ਨਾ ਰਹਿਣ ਦਿੱਤੀ ਜਾਵੇ, ਪਰ ਜੰਗ ਦੀਆਂ ਗੱਲਾਂ ਵਕਤੋਂ ਪਹਿਲਾਂ ਨਾ ਸੋਚੀਆਂ ਤੇ ਕਹੀਆਂ ਜਾਣ। ਮੁਸੀਬਤ ਸਿਰ ਪਈ ਤੋਂ ਹਰ ਕਦਮ ਚੁੱਕਣ ਲਈ ਲੋਕ ਆਪਣੀ ਸਰਕਾਰ ਨਾਲ ਹੋਣਗੇ, ਪਰ ਤਿੱਖੇ ਤੇ ਭੜਕਾਊ ਟਿਪਣੀਕਾਰਾਂ ਦੀਆਂ ਟਾਹਰਾਂ ਆਮ ਲੋਕਾਂ ਦੇ ਮਨ ਦੀ ਇੱਛਾ ਨਹੀਂ। ਚੰਗੇ ਨੇਤਾ ਦੀ ਪਛਾਣ ਸਿਰਫ ਜੰਗਾਂ ਲੜਨ ਅਤੇ ਜਿੱਤਣ ਨਾਲ ਨਹੀਂ, ਸਗੋਂ ਜੰਗ ਵਰਗੇ ਮਾਹੌਲ ਵਿੱਚ ਵਿਰੋਧੀ ਪੱਖ ਵਾਲਿਆਂ ਨੂੰ ਅਕਲ ਦੇ ਰਾਹ ਪੈਣ ਨੂੰ ਮਜਬੂਰ ਕਰਨ ਨਾਲ ਵੀ ਹੋ ਜਾਂਦੀ ਹੈ ਤੇ ਸੰਸਾਰ ਇਹੋ ਜਿਹੀਆਂ ਮਿਸਾਲਾਂ ਨਾਲ ਭਰਿਆ ਪਿਆ ਹੈ। ਕਹਿਣ ਲਈ ਬਹੁਤ ਕੁਝ ਹੈ, ਪਰ ਅਸੀਂ ਇਸ ਵੇਲੇ ਏਦੂੰ ਵੱਧ ਕੁਝ ਕਹਿਣ ਦੀ ਥਾਂ ਇਹ ਕਹਿ ਕੇ ਗੱਲ ਮੁਕਾਉਣਾ ਠੀਕ ਸਮਝਦੇ ਹਾਂ ਕਿ ਜੋ ਕੁਝ ਹੋਇਆ ਹੈ, ਅੱਤ ਦਾ ਘਿਨਾਉਣਾ ਕਾਰਾ ਵਰਤਿਆ ਹੈ, ਇਸ ਮੌਕੇ ਪਹਿਲਾ ਕੰਮ ਇਹ ਬਣਦਾ ਹੈ ਕਿ ਅਗਲੇ ਸੁਰੱਖਿਆ ਪ੍ਰਬੰਧ ਸਖਤ ਕੀਤੇ ਜਾਣ ਤੇ ਕਿਸੇ ਹੋਰ ਕਾਰੇ ਲਈ ਰਾਹ ਨਾ ਰਹਿਣ ਦਿੱਤਾ ਜਾਵੇ। ਦੂਸਰਾ ਇਹ ਕਿ ਦੁਖਾਂਤਪੀੜਤਾਂ ਦੀ ਹਰ ਪੱਖੋਂ ਮਦਦ ਕਰਨ ਦੇ ਨਾਲ ਇਹ ਯਕੀਨੀ ਕੀਤਾ ਜਾਵੇ ਕਿ ਉਨ੍ਹਾਂ ਦੀ ਪੀੜ ਨੂੰ ਕੋਈ ਧਿਰ ਆਪਣੀ ਰਾਜਨੀਤੀ ਲਈ ਵਰਤ ਕੇ ਉਨ੍ਹਾਂ ਦੇ ਜ਼ਖਮਾਂ ਉੱਤੇ ਲੂਣ ਧੂੜਨ ਦਾ ਕੰਮ ਨਹੀਂ ਕਰੇਗੀ। ਇਸ ਵਿੱਚ ਪਹਿਲ ਰਾਜ ਕਰਦੀ ਪਾਰਟੀ ਨੂੰ ਕਰਨੀ ਪਵੇਗੀ, ਪਰ ਇਸ ਦਾ ਅਰਥ ਇਹ ਨਹੀਂ ਕਿ ਵਿਰੋਧੀ ਧਿਰਾਂ ਲਈ ਮਨ ਵਿੱਚ ਆਇਆ ਸਾਰਾ ਕੁਝ ਕਹੀ ਜਾਣ ਦੀ ਖੁੱਲ੍ਹ ਹੈ, ਉਨ੍ਹਾਂ ਨੂੰ ਵੀ ਦੇਸ਼ ਦੇ ਭਵਿੱਖ ਤੇ ਦੇਸ਼ ਵਾਸੀਆਂ ਦੀ ਜ਼ਖਮੀ ਮਾਨਸਿਕਤਾ ਦਾ ਖਿਆਲ ਰੱਖ ਕੇ ਬਹੁਤ ਸੰਕੋਚ ਨਾਲ ਬੋਲਣਾ ਸਿੱਖਣ ਦੀ ਲੋੜ ਬਣਦੀ ਹੈ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us






CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com





Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com
Follow Us:
CALL JAG FOR A QUICK & FREE HOME EVALUATION
www BramptonTopRealtor.com
www BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA
NEW Listing in *BRAMPTON*
James Potter/Queen/Bonnie Brae
Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.
NEW Listing in *BRAMPTON*
Creditview Rd & Queen St
Approx. 2000 sq.ft. ਟਾਊਨ-ਹਾਊਸ, 4 ਬੈਡਰੂਮ, 3 ਵਾਸ਼ਰੂਮ, 2 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ with S/S Appliances. ਮਾਸਟਰ ਬੈਡਰੂਮ with Walk-in ਕਲੌਜਿਟ। Spacious Living Rm & Bed Rms, Laundary on 2nd ਫਲੋਰ। Close to Hwy 407 & 401.
FOR RENT in *BRAMPTON*
Castlemore/The Gore Rd/Cottrelle
2000 sq.ft. ਸੈਮੀ-ਡਿਟੈਚਡ ਹਾਊਸ 4 ਬੈਡਰੂਮ + 3 ਵਾਸ਼ਰੂਮ, Hardwood Floor, ਮਾਸਟਰ ਬੈਡਰੂਮ with 4-ਪੀਸ ਇਨਸੂਇਟ,Walk-in ਕਲੌਜਿਟ। Oak staircase, No ਕਾਰਪੇਟ। Eat-in ਕੀੱਚਨ with S/S appliances. 3 ਕਾਰ ਪਾਰਕਿੰਗ। Close to Asian Food Plaza, buses, hwy's & more.
FOR RENT in *BRAMPTON*
Castlemore/Humberwest/Airport
1600sq.ft. ਸੈਮੀ-ਡਿਟੈਚਡ ਹਾਊਸ, 3 ਬੈਡਰੂਮ + 3 ਵਾਸ਼ਰੂਮ, 3 ਕਾਰ ਪਾਰਕਿੰਗ, Hardwood Floor, Oak staircase, No ਕਾਰਪੇਟ। Eat-in ਕੀੱਚਨ with S/S appliances. Laundary on 2nd ਫਲੋਰ। Close to Buses, Plaza, School & Amenties.
NEW Listing in *MISSISSAUGA*
Hurontario St/Eglington Ave/Nahani Way
700-799 sq.ft. ਅਪਾਰਟਮੈਂਟ, 2 ਬੈਡਰੂਮ +2 ਵਾਸ਼ਰੂਮ, 9ft. ceiling, Modern ਕੀੱਚਨ, New ਲੈਂਮੀਨੇਟ ਫਲੋ, 1 Underground ਪਾਰਕਿੰਗ, ਸਾਰੀਆਂ ਸਹੂਲਤਾਂ ਦੇ ਕੋਲ। Close to Hwy 401 & 403. Close to Square One Mall, Hospital, Plazas, Restaurants, Public Transits, Schools & more.
NEW Listing in *MISSISSAUGA*
Ridgeway Dr./The Collegeway
1200-1399 sq.ft. ਟਾਊਨ-ਹਾਊਸ, 2 ਬੈਡਰੂਮ + 3 ਵਾਸ਼ਰੂਮ, 1 Underground ਪਾਰਕਿੰਗ + Huge Rooftop Patio, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੌਜਿਟ, Eat-in ਕੀੱਚਨ with Quartz ਕਾਊਂਟਰਟੋਪ। Stainless Steel Appl. Close to Major Hwy 403 , 407,401 & QEW.
FOR RENT in *TORONTO*
Dundas St./Church St.
665sq.ft. Brand-New ਅਪਾਰਟਮੈਂਟ, 2 ਬੈਡਰੂਮ + 2 ਵਾਸ਼ਰੂਮ (Spa inspired), Modern ਕੀੱਚਨ, *Unbeatable location* Steps to Yonge-Dundas Square, Eaton Centre, and Toronto Metropolitan University, Bus stop at door step.
FREE
Full MLS Services
Consistently Marketing Your Property Until SOLD
Competitive Rates, Exceptional Service & Award Winning Results
Staging Consultation
Billboard, Flyer, Newspaper
Online Promotion
Professional Pictures and Virtual Tour
Social media & Radio Advertisement
Open House Until Sold
RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT




The Mortgage Centre
We work for you, not the lenders.
Second Mortgage
Debt Consolidation
Renovations & Repairs
Avoiding High penalities
if you are looking for independent mortgage or protection advice....
We're here to help.
* Competitive rates
* Flexible terms
* Fast approval process
No Credit or becon score check.
No income verification.
Interest payments only.
Pay off high interest debts.
75%-80% LTV.
Must have home equity.....
For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd. Etobicoke, ON M9W 6N5
-4040 Steeles Avenue West Unit#5 Woodbridge, ON, L4L 4Y5
Rexdale Financial Services




ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017